
TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ਨੀਵਾਰ,08 ਮਾਰਚ 2025
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 261 * ਮੁੱਲ : 6 ਰੁਪਏ * ਕੁੱਲ ਪੇਜ਼: 10 * ਦਫ਼ਤਰ : 0181-2211009 * M : 99155-94111

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜ਼ਰੂਰ ਚੈਕ ਕਰੋ ਫਿਰ ਅਪਲਾਈ ਕਰੋ

## ਟਰੰਪ ਵੱਲੋਂ ਮੈਕਸਿਕੋ ਅਤੇ ਕੈਨੇਡਾ 'ਤੇ ਟੈਕਸ ਲਾਉਣ ਦਾ ਫੈਸਲਾ ਮੁੜ ਮੁਲਤਵੀ

ਵਾਸ਼ਿੰਗਟਨ, ਲੋਕ ਬਾਣੀ- ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਮੈਕਸਿਕੋ ਅਤੇ ਕੈਨੇਡਾ ਦੀਆਂ ਦਰਾਮਦ ਵਸਤਾਂ 'ਤੇ 25 ਫੀਸਦੀ ਟੈਕਸ ਲਾਉਣ ਦਾ ਫੈਸਲਾ ਇੱਕ ਮਹੀਨੇ ਲਈ ਮੁਲਤਵੀ ਕਰ ਦਿੱਤਾ ਹੈ। ਇਸ ਤੋਂ ਪਹਿਲਾਂ ਟਰੰਪ ਨੇ ਚਾਰ ਮਾਰਚ ਨੂੰ ਦੋਵਾਂ ਦੇਸ਼ਾਂ 'ਤੇ ਟੈਕਸ ਲਾਉਣ ਦਾ ਐਲਾਨ ਕੀਤਾ ਸੀ। ਇਸ ਤੋਂ ਪਹਿਲਾਂ ਵੀ ਟਰੰਪ ਨੇ ਚਾਰ ਫਰਵਰੀ ਨੂੰ ਟੈਕਸ ਲਾਉਣ ਦਾ ਐਲਾਨ ਕੀਤਾ ਸੀ ਪਰ ਇਸ ਦੇ ਲਾਗੂ ਹੋਣ ਤੋਂ



ਇਕ ਦਿਨ ਪਹਿਲਾਂ ਹੀ ਇਹ ਫੈਸਲਾ ਇਕ ਮਹੀਨੇ ਲਈ ਮੁਲਤਵੀ ਕਰ ਦਿੱਤਾ ਸੀ। ਟਰੰਪ ਦੀਆਂ ਟੈਰਿਫ ਯੋਜਨਾਵਾਂ ਨੇ ਸਟਾਕ ਮਾਰਕੀਟ ਨੂੰ ਵੀ ਪ੍ਰਭਾਵਿਤ ਕੀਤਾ ਹੈ।

## ਹਵਾਈ ਅੱਡਾ ਮੁਲਾਜ਼ਮਾਂ ਦੀ ਹੜਤਾਲ: ਬਰਲਿਨ ਹਵਾਈ ਅੱਡੇ ਵੱਲੋਂ 10 ਮਾਰਚ ਦੀਆਂ ਉਡਾਣਾਂ ਰੱਦ

ਬਰਲਿਨ, ਲੋਕ ਬਾਣੀ --ਇਥੋਂ ਦੇ ਹਵਾਈ ਅੱਡੇ ਨੇ ਮਜ਼ਦੂਰ ਯੂਨੀਅਨ ਦੀ ਹੜਤਾਲ ਤੋਂ ਪਹਿਲਾਂ 10 ਮਾਰਚ ਲਈ ਆਪਣੀਆਂ ਸਾਰੀਆਂ ਉਡਾਣਾਂ ਰੱਦ ਕਰ ਦਿੱਤੀਆਂ ਹਨ ਜਿਸ ਨਾਲ ਜਰਮਨੀ ਦੇ 11 ਹਵਾਈ ਅੱਡਿਆਂ 'ਤੇ ਵੱਡੀ ਗਿਣਤੀ ਉਡਾਣਾਂ ਪ੍ਰਭਾਵਿਤ ਹੋ ਸਕਦੀਆਂ ਹਨ। ਹਵਾਈ ਅੱਡੇ ਦੇ ਗਰਾਊਂਡ ਸਟਾਫ ਦੀ ਨੁਮਾਇੰਦਗੀ ਕਰਨ ਵਾਲੀ ਯੂਨੀਅਨ ਨੇ ਯਾਤਰੀਆਂ ਨੂੰ ਤਿਆਰੀ ਲਈ ਸਮਾਂ ਦੇਣ ਲਈ ਹੜਤਾਲ ਕਰਨ ਬਾਰੇ ਅੱਜ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮੁਲਾਜ਼ਮ ਮਿਊਨਿਖ, ਸਟੱਟਗਾਰਟ, ਫਰੈਂਕਫਰਟ ਮੇਨ, ਕੋਲੋਨ/ਬੋਨ, ਡਸੇਲਡੋਰਫ, ਡਾਰਟਮੰਡ, ਹੈਨੋਵਰ,



ਬ੍ਰੇਮੇਨ, ਹੈਮਬਰਗ, ਬਰਲਿਨ-ਬ੍ਰੈਂਡਨਬਰਗ ਅਤੇ ਲਾਇਪਜ਼ਿਗ ਹਵਾਈ ਅੱਡਿਆਂ 'ਤੇ ਦਸ ਮਾਰਚ ਨੂੰ ਹੜਤਾਲ ਕਰਨਗੇ।

## ਤਿੰਨ ਮਹੀਨਿਆਂ ਵਿੱਚ ਫਰਜ਼ੀ ਵੋਟਰ ਕਾਰਡ ਦਾ ਮਸਲਾ ਹੱਲ ਹੋਵੇਗਾ: ਚੋਣ ਕਮਿਸ਼ਨ

ਨਵੀਂ ਦਿੱਲੀ ਲੋਕ ਬਾਣੀ- 53: ਭਾਰਤੀ ਚੋਣ ਕਮਿਸ਼ਨ ਨੇ ਅੱਜ ਕਿਹਾ ਕਿ ਉਹ ਅਗਲੇ ਤਿੰਨ ਮਹੀਨਿਆਂ ਵਿੱਚ ਦਹਾਕਿਆਂ ਤੋਂ ਦਰਪੇਸ਼ ਫਰਜ਼ੀ ਵੋਟਰ ਕਾਰਡ ਮਸਲੇ ਨੂੰ ਹੱਲ ਕਰੇਗਾ। ਚੋਣ ਕਮਿਸ਼ਨ ਨੇ ਕਿਹਾ ਕਿ ਭਾਰਤ ਦੇ ਵੋਟਰ ਦੁਨੀਆ ਭਰ ਵਿਚ ਸਭ ਤੋਂ ਵੱਧ ਹਨ ਜਿਨ੍ਹਾਂ ਵਿੱਚ 99 ਕਰੋੜ ਤੋਂ ਵੱਧ ਰਜਿਸਟਰਡ ਵੋਟਰ ਹਨ। ਚੋਣ ਕਮਿਸ਼ਨ ਡੁਪਲੀਕੇਟ ਇਲੈਕਟੋਰਲ




ਫੋਟੋ ਆਈਡੈਂਟਿਟੀ ਕਾਰਡ ਦੇ ਮੁੱਦੇ 'ਤੇ ਪਹਿਲਾਂ ਹੀ ਨੋਟਿਸ ਲੈ ਚੁੱਕਾ ਹੈ।

## ਮਹਿਲਾ ਕਮਿਸ਼ਨ ਨੇ ਪਾਦਰੀ ਬਜਿੰਦਰ ਸਿੰਘ ਵਿਰੁੱਧ ਜਿਨਸੀ ਸ਼ੋਸ਼ਣ ਦੇ ਮਾਮਲੇ 'ਚ ਤੇਜ਼ੀ ਨਾਲ ਕਾਰਵਾਈ ਮੰਗੀ

ਨਵੀਂ ਦਿੱਲੀ, ਲੋਕ ਬਾਣੀ-ਕੌਮੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਰਾਹਤਕਰ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਪੈਨਲ ਨੇ ਪੰਜਾਬ ਪੁਲੀਸ ਤੋਂ ਪਾਦਰੀ ਬਜਿੰਦਰ ਸਿੰਘ ਵਿਰੁੱਧ ਤੇਜ਼ੀ ਨਾਲ ਕਾਰਵਾਈ ਦੀ ਮੰਗ ਕੀਤੀ ਹੈ। ਜ਼ਿਕਰਯੋਗ ਹੈ ਕਿ ਜਲੰਧਰ ਵਿੱਚ ਜਿਨਸੀ ਸ਼ੋਸ਼ਣ ਦਾ ਦੋਸ਼ ਲਗਾਇਆ ਗਿਆ ਹੈ। ਇੱਥੇ ਇੱਕ ਪ੍ਰੈਸ ਕਾਨਫਰੰਸ ਵਿੱਚ ਇੱਕ ਸਵਾਲ ਦੇ ਜਵਾਬ ਵਿੱਚ ਰਾਹਤਕਰ ਨੇ ਕਿਹਾ ਕਿ ਕਮਿਸ਼ਨ ਨੇ ਪੰਜਾਬ ਪੁਲੀਸ ਨੂੰ ਤਿੰਨ ਦਿਨਾਂ ਦੇ ਅੰਦਰ ਇਸ ਮਾਮਲੇ ਵਿੱਚ ਕਾਰਵਾਈ-ਲਿਖਤ



ਰਿਪੋਰਟ ਅਤੇ ਐਫਆਈਆਰ ਦੀ ਇੱਕ ਕਾਪੀ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ ਹਨ।

## ਹਰਿਆਣਾ: ਪੰਚਕੂਲਾ ਨੇੜੇ ਭਾਰਤੀ ਹਵਾਈ ਫੌਜ ਦਾ ਲੜਾਕੂ ਜਹਾਜ਼ ਹਾਦਸਾਗ੍ਰਸਤ

ਪੰਚਕੂਲਾ/ ਲੋਕ ਬਾਣੀ ਇਸ ਜ਼ਿਲ੍ਹੇ ਵਿੱਚ ਅੱਜ ਭਾਰਤੀ ਹਵਾਈ ਫੌਜ ਦਾ ਲੜਾਕੂ ਜਹਾਜ਼ ਹਾਦਸਾਗ੍ਰਸਤ ਹੋ ਗਿਆ ਜਿਸ ਤੋਂ ਬਾਅਦ ਪਾਇਲਟ ਸੁਰੱਖਿਅਤ ਬਾਹਰ ਆ ਗਿਆ। ਇਹ ਜਾਣਕਾਰੀ ਪੁਲੀਸ ਅਧਿਕਾਰੀ ਨੇ ਸਾਂਝੀ ਕੀਤੀ ਹੈ।ਇਹ ਜਾਣਕਾਰੀ ਮਿਲੀ ਹੈ ਕਿ ਇਸ ਲੜਾਕੂ ਜਹਾਜ਼ ਨੇ ਅੰਬਾਲਾ ਤੋਂ ਉਡਾਨ ਭਰੀ ਸੀ। ਇਹ



ਹਾਦਸਾ ਮੋਰਨੀ ਦੇ ਪਿੰਡ ਬਾਲਦਵਾਲਾ ਨੇੜੇ ਵਾਪਰਿਆ।

## ਰੱਖਿਆ ਮੰਤਰਾਲਾ ਰੂਸ ਤੋਂ ਫੌਜ ਦੇ ਟੀ-72 ਟੈਂਕਾਂ ਲਈ ਇੰਜਣ ਖ਼ਰੀਦੇਗਾ


ਨਵੀਂ ਦਿੱਲੀ, ਲੋਕ ਬਾਣੀ- ਰੱਖਿਆ ਮੰਤਰਾਲੇ ਨੇ ਭਾਰਤੀ ਫੌਜ ਲਈ ਟੀ-72ਟੈਂਕਾਂ ਲਈ ਇੰਜਣ ਖ਼ਰੀਦਣ ਲਈ 248 ਮਿਲੀਅਨ ਡਾਲਰ ਦੇ ਸੌਦੇ ਤੇ ਹਸਤਾਖ਼ਰ ਕੀਤੇ ਹਨ। ਰੱਖਿਆ ਮੰਤਰਾਲੇ ਨੇ ਰੂਸੀ ਸੰਘ ਦੇ ਰੋਸੋਬੋਰੋਨੈਕਸਪੋਰਟ ਨਾਲ 248 ਮਿਲੀਅਨ ਡਾਲਰ ਦੇ ਇਕਰਾਰਨਾਮੇ ਤੇ ਹਸਤਾਖ਼ਰ ਕੀਤੇ



ਹਨ ਤਾਂ ਜੋ ਪੂਰੀ ਤਰ੍ਹਾਂ ਤਿਆਰ, ਪੂਰੀ ਤਰ੍ਹਾਂ ਅਸੈਂਬਲਡ ਅਤੇ ਅਰਧ-ਮੁਕੰਮਲ ਟੀ-72 ਟੈਂਕਾਂ ਲਈ 1000 ਐੱਚਪੀ ਇੰਜਣ ਖ਼ਰੀਦੇ ਜਾ ਸਕਣ।

## ਸ੍ਰੀ ਮੁਕਤਸਰ ਸਾਹਿਬ ਪੁਲਿਸ ਵਲੋਂ ਸਾਢੇ 10 ਕਿੱਲੋ ਅਫੀਮ ਅਤੇ ਡਰੱਗ ਮਨੀ ਸਮੇਤ ਵਿਅਕਤੀ ਕਾਬੂ

ਸ੍ਰੀ ਮੁਕਤਸਰ ਸਾਹਿਬ ਲੋਕ ਬਾਣੀ- ਸ੍ਰੀ ਮੁਕਤਸਰ ਸਾਹਿਬ ਪੁਲਿਸ ਵਲੋਂ ਨਸ਼ਿਆਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਇਕ ਵਿਅਕਤੀ ਨੂੰ 10 ਕਿੱਲੋ 500 ਗ੍ਰਾਮ ਅਫੀਮ , 35 ਹਜ਼ਾਰ ਰੁਪਏ ਡਰੱਗ ਮਨੀ ਅਤੇ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਪ੍ਰਗਟਾਵਾ ਸ੍ਰੀ ਮੁਕਤਸਰ ਸਾਹਿਬ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਜ਼ਿਲ੍ਹਾ ਪੁਲਿਸ ਮੁਖੀ ਡਾ: ਅਖਿਲ ਚੌਧਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਵਿਅਕਤੀ ਦੀ ਪਛਾਣ ਰਾਜੂ ਪੁੱਤਰ ਬਲਵੀਰ ਸਿੰਘ




ਪਿੰਡ ਭਗਵਾਨਪੁਰਾ ਵਜੋਂ ਹੋਈ ਹੈ। ਪਹਿਲਾਂ ਰਸਤੇ ਵਿਚ ਚੈਕਿੰਗ ਦੌਰਾਨ ਮੋਟਰਸਾਈਕਲ ਤੇ ਜਾਂਦੇ ਸਮੇਂ ਸਾਢੇ ਤਿੰਨ ਕਿਲੋ ਅਫੀਮ ਅਤੇ 35 ਹਜ਼ਾਰ ਰੁਪਏ ਡਰੱਗ ਮਨੀ ਬਰਾਮਦ ਹੋਈ।

## 15,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਵਿਜੀਲੈਂਸ ਬਿਊਰੋ ਵਲੋਂ ਏ.ਐਸ.ਆਈ. ਗ੍ਰਿਫ਼ਤਾਰ

ਬਟਾਲਾ ਹਰਬੰਸ ਬਿੱਟੂ- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਅੱਜ ਸਿਵਲ ਲਾਈਨਜ਼ ਥਾਣਾ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ. ਐਸ.ਆਈ.) ਸੁਖਰਾਜ ਸਿੰਘ ਨੂੰ 15,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ. ਨੂੰ ਗੁਰਦਾਸਪੁਰ ਦੀ ਇਕ ਫਾਊਂਡਰੀ ਦੇ ਮਾਲਕ ਵਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਤੇ



ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਜ਼ਿਲ੍ਹਾ ਪ੍ਰਸ਼ਾਸਨ ਮੋਗਾ ਨੇ ਜ਼ਿਲ੍ਹੇ ਭਰ ਦੇ 100 ਆਂਗਣਵਾੜੀ ਕੇਂਦਰਾਂ ਵਿੱਚ ਪੋਸ਼ਣ ਵਾਟਿਕਾ ਸਥਾਪਤ ਕਰਨ ਲਈ ਪਹਿਲਕਦਮੀ ਸ਼ੁਰੂ ਕੀਤੀ

ਮੋਗਾ,(ਲੋਕ ਬਾਣੀ) - ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨ ਅਤੇ ਬੱਚਿਆਂ ਦੀ ਪੋਸ਼ਣ ਸਥਿਤੀ ਨੂੰ ਬਿਹਤਰ ਬਣਾਉਣ ਲਈ, ਜ਼ਿਲ੍ਹਾ ਪ੍ਰਸ਼ਾਸਨ ਮੋਗਾ ਨੇ ਜ਼ਿਲ੍ਹੇ ਭਰ ਦੇ 100 ਆਂਗਣਵਾੜੀ ਕੇਂਦਰਾਂ ਵਿੱਚ ਪੋਸ਼ਣ ਵਾਟਿਕਾ (ਪੋਸ਼ਣ ਬਾਗ) ਸਥਾਪਤ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ ਸ਼ੁਰੂ ਕੀਤੀ ਹੈ। ਇਹ ਪਹਿਲ ਸਰਕਾਰ ਅਤੇ ਨੀਤੀ ਆਯੋਗ ਦੀ ਅਗਵਾਈ ਹੇਠ ਕੀਤੀ ਜਾ ਰਹੀ ਹੈ।

ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ 983 ਆਂਗਣਵਾੜੀ ਕੇਂਦਰਾਂ ਵਿੱਚੋਂ 100 ਪੋਸ਼ਣ ਵਾਟਿਕਾ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ। ਇੱਕ ਵਾਰ ਜਦੋਂ ਇਹ ਪਾਇਲਟ ਪ੍ਰੋਜੈਕਟ ਨਤੀਜੇ ਦੇ ਦੇਵੇਗਾ ਤਾਂ ਇਸਨੂੰ ਸਾਰੇ ਆਂਗਣਵਾੜੀ ਕੇਂਦਰਾਂ ਵਿੱਚ ਲਾਗੂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਭਾਵੇਂ ਜ਼ਿਲ੍ਹਾ ਪ੍ਰਸ਼ਾਸਨ ਨੇ ਇਹ ਪ੍ਰੋਜੈਕਟ ਸਕਸ਼ਮ ਆਂਗਨਵਾੜੀ ਪ੍ਰੋਗਰਾਮ ਦੇ ਤਹਿਤ ਸ਼ੁਰੂ ਕੀਤਾ ਸੀ ਪਰ ਹੁਣ ਸਰਕਾਰ ਨੇ ਇਸ ਪ੍ਰੋਜੈਕਟ ਦਾ ਸਮਰਥਨ ਕਰਨ ਅਤੇ ਪੂਰੇ ਦੇਸ਼ ਵਿੱਚ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ।

ਪ੍ਰਤੀ 1000 ਵਰਗ ਫੁੱਟ ਵਿੱਚ ਫੈਲੇ ਇਨ੍ਹਾਂ ਬਾਗਾਂ ਦੀ ਵਰਤੋਂ ਕਈ ਤਰ੍ਹਾਂ ਦੇ ਫਲ, ਸਬਜ਼ੀਆਂ ਅਤੇ ਔਸ਼ਧੀ ਪੌਦੇ ਉਗਾਉਣ ਲਈ ਕੀਤੀ ਜਾਵੇਗੀ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਆਂਗਨਵਾੜੀ ਕੇਂਦਰਾਂ ਵਿੱਚ ਜਾਣ ਵਾਲੇ ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ ਵਿੱਚ ਸੁਧਾਰ ਕਰਨਾ ਹੈ।

ਜਿਸ ਵਿਚ ਪਲਾਟ ਦਾ ਏਰੀਆ 1000 ਸਕੇਅਰ ਫੁੱਟ ਅਤੇ ਬੈਡ ਦਾ ਸਾਈਜ 10ਗੁਣਾ10 ਸਕੇਅਰ ਫੁਟ ਹੋਵੇਗਾ ਇਸ ਵਿੱਚ ਹਰੀਆਂ ਸਬਜ਼ੀਆਂ, ਪਾਲਕ, ਮੇਥੀ, ਚੋਲਾਈ, ਸ਼ਤਾਵਰੀ, ਬ੍ਰਹਮੀ, ਪੁਨਰਨਵਾ, ਬਾਥੂ ਅਤੇ ਰਤਾਲੂ ਲਗਾਏ ਜਾਣਗੇ। ਮੈਡੀਸਿਨਲ ਅਤੇ ਫ਼ਲਾਂ ਵਾਲੇ ਰੁੱਖਾਂ (5-6) ਵਿੱਚ ਸੁਹੰਜਣਾ, ਪਪੀਤਾ, ਕੜੀਪੱਤਾ, ਨਿੰਬੂ, ਆਮਲਾ, ਅਨਾਰ ਹੋਣਗੇ। ਵਾੜ ਵਜੋਂ ਸ਼ਤਾਵਰੀ,



ਨਿੰਬੂ ਘਾਹ, ਗਿਲੋਅ ਲਗਾਏ ਜਾਣਗੇ। ਇਸ ਪਹਿਲਕਦਮੀ ਦਾ ਜ਼ਿਲ੍ਹੇ ਦੇ ਬੱਚਿਆਂ ਦੀ ਸਿਹਤ ਅਤੇ ਪੋਸ਼ਣ ਸਥਿਤੀ ਤੇ ਸਕਾਰਾਤਮਕ ਪ੍ਰਭਾਵ ਪੈਣ ਦੀ ਉਮੀਦ ਹੈ।

ਡੀਸੀ ਸਾਗਰ ਸੇਤੀਆ ਨੇ ਕਿਹਾ ਕਿ ਪੋਸ਼ਣ ਵਾਟਿਕਾਵਾਂ ਆਂਗਣਵਾੜੀ ਕੇਂਦਰਾਂ ਵਿੱਚ ਜਾਣ ਵਾਲੇ ਬੱਚਿਆਂ ਨੂੰ ਤਾਜ਼ੇ ਫਲਾਂ ਅਤੇ ਸਬਜ਼ੀਆਂ ਦਾ ਇੱਕ ਸਥਾਈ ਸਰੋਤ ਪ੍ਰਦਾਨ ਕਰਨਗੀਆਂ। ਇਹ ਪਹਿਲਕਦਮੀ ਸਾਡੇ ਬੱਚਿਆਂ ਦੇ ਸਮੁੱਚੇ ਵਿਕਾਸ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਵੱਲ ਇੱਕ ਕਦਮ ਹੈ। ਜ਼ਿਲ੍ਹਾ ਪ੍ਰਸ਼ਾਸਨ ਮੋਗਾ ਨੇ ਇਸ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਪੇਂਡੂ ਵਿਕਾਸ ਵਿਭਾਗ ਅਤੇ ਬਾਗਬਾਨੀ ਵਿਭਾਗ ਸਮੇਤ ਵੱਖ-ਵੱਖ ਵਿਭਾਗਾਂ ਨੂੰ ਆਪਸੀ ਸਹਿਯੋਗ ਅਤੇ ਮਿਲਵਰਤਣ ਵਧਾਉਣ ਲਈ ਕਿਹਾ ਹੈ।

# ਸੇਵਾਮੁਕਤ ਅਧਿਕਾਰੀਆਂ ਦੇ ਘਰਾਂ 'ਤੇ ਦਿੱਤੀ ਜਾ ਰਹੀ ਨਿੱਜੀ ਸੁਰੱਖਿਆ ਦੀ ਹਾਈ ਕੋਰਟ ਨੇ ਮੰਗੀ ਜਾਣਕਾਰੀ, ਅਗਲੀ ਸੁਣਵਾਈ 24




(ਲੋਕ ਬਾਣੀ) ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਸੇਵਾਮੁਕਤ ਪੁਲਿਸ ਅਧਿਕਾਰੀਆਂ ਅਤੇ ਨੌਕਰਸ਼ਾਹਾਂ ਦੇ ਘਰਾਂ ਤੇ ਦਿੱਤੀ ਜਾ ਰਹੀ ਨਿੱਜੀ ਸੁਰੱਖਿਆ ਦੀ ਜਾਣਕਾਰੀ ਦੇਣ ਲਈ ਕਿਹਾ ਹੈ। ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੁਮਿਤ ਗੋਯਲ ਦੀ ਬੈਂਚ ਨੇ ਇਹ ਹੁਕਮ ਨਿਖਿਲ ਸਰਾਫ ਦੁਆਰਾ ਦਾਇਰ ਜਨਹਿਤ ਪਟੀਸ਼ਨ ਤੇ ਸੁਣਵਾਈ ਦੌਰਾਨ ਦਿੱਤਾ। ਹਰਿਆਣਾ ਸਰਕਾਰ ਦੇ ਹਲਫਨਾਮੇ ਵਿੱਚ ਰਾਜਨੀਤਿਕ ਅਧਿਕਾਰੀਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਘਰਾਂ ਤੇ ਤੈਨਾਤ ਪੁਲਿਸ ਬਲ ਦੀ ਜਾਣਕਾਰੀ ਦਿੱਤੀ ਗਈ ਸੀ, ਪਰ ਸੇਵਾਮੁਕਤ ਨੌਕਰਸ਼ਾਹਾਂ ਦੇ ਘਰਾਂ ਤੇ ਸੁਰੱਖਿਆ ਦਾ ਵੇਰਵਾ ਨਹੀਂ ਸੀ।

ਪਟੀਸ਼ਨਕਰਤਾ ਨੇ ਆਪਣੀ ਅਰਜ਼ੀ ਵਿੱਚ ਸੀਨੀਅਰ ਅਧਿਕਾਰੀਆਂ ਅਤੇ ਰਾਜਨੀਤਿਕ ਅਧਿਕਾਰੀਆਂ ਦੇ ਘਰਾਂ ਤੇ ਕਾਂਸਟੇਬਲਾਂ ਦੀ ਤੈਨਾਤੀ ਦਾ ਮੁੱਦਾ ਚੁੱਕਿਆ ਸੀ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਜ਼ਰੂਰੀ ਪੁਲਿਸ ਬਲ ਨੂੰ ਮੁਕਤ ਕਰਨ ਦੀ ਮੰਗ ਕੀਤੀ ਸੀ। ਪੰਜਾਬ ਸਰਕਾਰ ਨੇ ਜਵਾਬ ਵਿੱਚ ਦੱਸਿਆ ਕਿ ਸੀਨੀਅਰ ਅਧਿਕਾਰੀਆਂ ਅਤੇ ਰਾਜਨੀਤਿਕ ਅਧਿਕਾਰੀਆਂ ਦੇ ਘਰਾਂ ਤੇ ਕਾਂਸਟੇਬਲਾਂ ਦੀ ਤਾਇਨਾਤੀ ਦੀ ਸਮੀਖਿਆ ਐਡੀਸ਼ਨਲ ਪੁਲਿਸ ਮਹਾਨਿਦੇਸ਼ਕ (ਏਡੀਜੀਪੀ) ਸੁਰੱਖਿਆ ਦੁਆਰਾ ਕੀਤੀ ਜਾਂਦੀ ਹੈ ਅਤੇ ਸੁਰੱਖਿਆ ਦੀ ਲੋੜ ਅਨੁਸਾਰ ਬਲ ਤਾਇਨਾਤ ਕੀਤਾ ਜਾਂਦਾ ਹੈ। ਇਸੇ ਤਰ੍ਹਾਂ, ਹਰਿਆਣਾ ਪੁਲਿਸ ਨੇ ਦੱਸਿਆ ਕਿ 27 ਜਨਵਰੀ 2006 ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੁਰੱਖਿਆ ਤਾਇਨਾਤੀ ਕੀਤੀ ਜਾਂਦੀ ਹੈ ਅਤੇ ਇਹ ਖਤਰੇ ਦੇ ਅਨੁਮਾਨ ਅਤੇ ਸੰਬੰਧਿਤ ਯੂਨਿਟਾਂ ਦੀਆਂ ਰਿਪੋਰਟਾਂ ਦੇ ਆਧਾਰ ਤੇ ਦਿੱਤੀ ਜਾਂਦੀ ਹੈ।

ਹਾਲਾਂਕਿ, ਦੋਵੇਂ ਰਾਜਾਂ ਦੇ ਜਵਾਬਾਂ ਵਿੱਚ ਸੇਵਾਮੁਕਤ ਅਧਿਕਾਰੀਆਂ ਨਾਲ ਤੈਨਾਤ ਪੁਲਿਸਕਰਮੀਆਂ ਬਾਰੇ ਕੋਈ ਸਪਸ਼ਟ ਜਾਣਕਾਰੀ ਨਹੀਂ ਦਿੱਤੀ ਗਈ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 24 ਅਪ੍ਰੈਲ ਨੂੰ ਹੋਵੇਗੀ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੰਮ੍ਰਿਤਸਰ ਦਿਹਾਤੀ ਪੁਲਿਸ ਨੂੰ ਮਿਲੀ ਵੱਡੀ ਕਾਮਯਾਬੀ, 6 ਨਸ਼ਾ ਤਸਕਰ ਨੂੰ 7.508 ਕਿਲੋ ਹੈਰੋਇਨਤ, 50,500 ਰੁਪਏ ਡਰੱਗ ਮਨੀ ਸਮੇਤ...


ਅੰਮ੍ਰਿਤਸਰ (ਲੋਕ ਬਾਣੀ)- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਅੰਮ੍ਰਿਤਸਰ ਦਿਹਾਤੀ ਅਧੀਨ ਆਉਂਦੇ ਪੁਲਿਸ ਥਾਣਾ ਘਰਿੰਡਾਂ ਦੀ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਏ ਜਿਸ ਚ 07 ਕਿਲੋ 508 ਗ੍ਰਾਮ ਹੈਰੋਇਨ ਦੀ ਖੇਪ ਨੂੰ ਬ੍ਰਾਮਦ ਕਰਕੇ ਨਸ਼ਾ ਤਸਕਰੀ ਦੇ ਨੈਟਵਰਕ ਨੂੰ ਵੱਡਾ ਝਟਕਾ ਦਿੱਤਾ ਹੈ।

ਇਸ ਸਬੰਧੀ ਪ੍ਰੈਸ ਕਾਨਫਰੰਸ ਕਰਦਿਆਂ ਐਸਪੀ ਹਰਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਥਾਣਾ ਘਰਿੰਡਾ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਦਿਲਬਾਗ ਸਿੰਘ ਉਰਫ ਜੱਜ, ਅਰਸ਼ਦੀਪ ਸਿੰਘ ਉਰਫ ਅਰਸ਼ ਅਤੇ ਸੈਮੁਅਲ ਮਸੀਹ ਉਰਫ ਸੈਮ ਮਿਲ ਕੇ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ ਜੋ ਅੱਜ ਵੀ ਇਹ ਤਿੰਨੇ ਪਿੰਡ ਮੋਦੇ ਧਨੋਏ ਸਾਇਡ ਤੋ ਡਿਫੈਂਸ ਡਰੇਨ ਦੇ ਨਾਲ ਨਾਲ ਪਟੜੀ ਰਸਤੇ ਮੋਟਰਸਾਈਕਲ ਪਰ ਸਵਾਰ ਹੋ ਕੇ ਭਾਰੀ ਮਾਤਰਾ ਵਿੱਚ ਹੈਰੋਇਨ ਦੀ ਖੇਪ ਲੈ ਕੇ ਸਪਲਾਈ ਕਰਨ ਲਈ ਅਟਾਰੀ ਸਾਇਡ ਨੂੰ ਆ ਰਹੇ ਹਨ। ਜਿਸ ਤੇ ਤੁਰੰਤ ਕਾਰਵਾਈ ਕਰਦਿਆ ਮੁੱਖ ਅਫਸਰ ਥਾਣਾ ਘਰਿੰਡਾ ਆਪਣੀ ਪੁਲਿਸ ਪਾਰਟੀ ਨੂੰ ਚੰਗੀ ਤਰ੍ਹਾ ਬ੍ਰੀਫ ਕਰਕੇ ਹਰਦੋ ਰਤਨ ਧਨੋਏ ਸਾਇਡ ਪਰ ਧੂਸੀ ਪਰ ਨਾਕਾ ਬੰਦੀ ਦੌਰਾਨ ਦਿਲਬਾਗ ਸਿੰਘ ਉਰਫ ਜੱਜ, ਅਰਸ਼ਦੀਪ ਸਿੰਘ ਉਰਫ ਅਰਸ਼ ਅਤੇ ਸੈਮੁਅਲ ਮਸੀਹ ਉਰਫ ਸੈਮ ਨੂੰ 05 ਕਿੱਲੋ ਹੈਰੋਇੰਨ, 10,000 ਰੁਪਏ ਡਰੱਗ ਮਨੀ, ਤਿੰਨ ਮੋਬਾਇਲ ਫੋਨ ਅਤੇ ਇੱਕ ਸਪਲੈਂਡਰ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ। ਅਤੇ ਇਿਹਨਾਂ ਤੇ ਮਾਮਲਾ ਦਰਜ ਕਰਕੇ ਅੱਗੇ ਕਾਰਵਾਈ ਸ਼ੁਰੂ ਕੀਤੀ। ਇਸ ਅਤੇ ਏਸੇ ਲੜੀ ਤਹਿਤ ਇੱਕ ਹੋਰ ਮਾਮਲੇ ਵਿੱਚ ਥਾਣਾ ਲੋਪੋਕੇ ਨੂੰ ਗੁਪਤ ਸੂਚਨਾ ਮਿਲੀ ਕਿ ਜੋਗਾ ਸਿੰਘ , ਪੰਜਾਬ ਸਿੰਘ ਅਤੇ ਸ਼ਰਨਜੀਤ ਕੋਰ ਤਿੰਨੋ ਮਿਲ ਕੇ ਵੱਡੇ ਪੱਧਰ ਤੇ ਪਕਿਸਤਾਨ ਤੋ ਡਰੋਨ ਰਾਹੀ ਹੈਰੋਇੰਨ ਮੰਗਵਾ ਕੇ ਵੇਚਣ ਦਾ ਧੰਦਾ ਕਰਦੇ ਆ ਰਹੇ ਹਨ। ਜੋ ਅੱਜ ਇਹ ਵੀ ਇਿਹਨਾ ਨੇ ਪਾਕਿਸਤਾਨ ਤੋ ਡਰੋਨ ਰਾਹੀ ਗੁਰਦੁਆਰਾ ਬਾਬਾ ਪੱਲਾ ਸ਼ਹੀਦ ਦੇ ਬੈਕਸਾਈਡ ਖੇਤਾ ਵਿੱਚ ਹੈਰੋਇਨ ਦੀ ਖੇਪ ਮੰਗਵਾਈ ਹੈ ਅਤੇ ਇਹ ਹੈਰੋਇਨ ਦੀ ਖੇਪ ਲੈ ਕੇ ਆਪਣੇ



ਮੋਟਰਸਾਈਕਲ ਤੇ ਸਵਾਰ ਹੋ ਕੇ ਜੋਗਾ ਸਿੰਘ ਦੇ ਘਰ ਪਿੰਡ ਬੱਚੀਵਿੰਡ ਜਾਣਗੇ। ਜਿਸ ਤੇ ਤੁਰੰਤ ਕਾਰਵਾਈ ਕਰਦਿਆ ਮੁੱਖ ਅਫਸਰ ਥਾਣਾ ਲੋਪੋਕੇ ਵੱਲੋ ਆਪਣੀ ਪੁਲਿਸ ਪਾਰਟੀ ਦੀ ਮਦਦ ਨਾਲ ਪਿੰਡ ਗਾਗਰ ਮੱਲ ਤੋਂ ਪਿੰਡ ਬੱਚੀਵਿੰਡ ਜਾਂਦੀ ਸੜਕ ਤੋਂ ਜੋਗਾ ਸਿੰਘ,ਪੰਜਾਬ ਸਿੰਘ ਅਤੇ ਸ਼ਰਨਜੀਤ ਕੋਰ ਨੂੰ 2 ਕਿਲੋ 508 ਗ੍ਰਾਮ ਹੈਰੋਇੰਨ, 40,500 ਰੁਪਏ ਡਰੱਗ ਮਨੀ ਅਤੇ ਇਕ ਮੋਟਰ ਸਾਈਕਲ ਸਮੇਤ ਕਾਬੂ ਕਰ ਲਿਆ। ਅਤੇ ਇਿਹਨਾਂ ਤੇ ਵੀ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕੀਤੀ ਉਕਤ ਗ੍ਰਿਫਤਾਰ ਅਰੋਪੀਆਂ ਦੇ ਫਾਰਵਰਡ ਤੇ ਬੈਕਵਰਡ ਲਿੰਕਾ ਨੂੰ ਖੰਘਾਲਿਆ ਜਾ ਰਿਹਾ ਹੈ। ਅਤੇ ਹੋਰ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਵੇਗੀ ਉਸ ਖਿਲਾਫ ਕਾਰਵਾਈ ਕੀਤੀ ਜਾਵੇਗੀ। ਉਕਤ ਗ੍ਰਿਫਤਾਰ ਦੋਸ਼ੀਆ ਦੀ ਕਾਲੀ ਕਮਾਈ ਨਾਲ ਬਣਾਈ ਗਈ ਪ੍ਰਾਪਰਟੀ ਨੂੰ ਵੀ ਆਈਡੈਂਟੀਫਾਈ ਕਰਵਾਇਆ ਜਾ ਰਿਹਾ ਹੈ ਤੇ ਜੇਕਰ ਅਜਿਹੀ ਕੋਈ ਵੀ ਪ੍ਰਾਪਰਟੀ ਸਾਹਮਣੇ ਆਉਦੀ ਹੈ ਤਾਂ ਉਸ ਤੇ ਕਾਨੂੰਨ ਮੁਤਾਬਿਕ ਬਣਦੀ ਕਾਰਵਾਈ ਕੀਤੀ ਜਾਵੇਗੀ।

# ਮਹਾਰਾਸ਼ਟਰ ਚ ਲਾਗੂ ਹੋਇਆ ਸਿੱਖ ਆਨੰਦ ਮੈਰਿਜ ਐਕਟ



(ਲੋਕ ਬਾਣੀ) ਮਹਾਰਾਸ਼ਟਰ ਸਰਕਾਰ ਨੇ ਸਿੱਖ ਭਾਈਚਾਰੇ ਦੇ ਆਨੰਦ ਕਾਰਜ ਵਿਆਹ ਨੂੰ ਕਾਨੂੰਨੀ ਮਾਨਤਾ ਦੇ ਦਿੱਤੀ ਹੈ। ਰਾਜ ਭਰ ਵਿੱਚ ਆਨੰਦ ਕਾਰਜ ਮੈਰਿਜ ਐਕਟ ਲਾਗੂ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਸਿੱਖ ਭਾਈਚਾਰੇ ਨੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ।

ਇਹ ਨਿਰਦੇਸ਼ ਰਾਜ ਵਿੱਚ ਸਿੱਖ ਵਿਆਹ ਦੀਆਂ ਰਸਮਾਂ ਨੂੰ ਮਾਨਤਾ ਦਿੰਦਾ ਹੈ ਅਤੇ ਸਿੱਖ ਵਿਆਹਾਂ ਦੀ ਰਜਿਸਟ੍ਰੇਸ਼ਨ ਨੂੰ ਸੌਖਾ ਬਣਾਉਂਦਾ ਹੈ। ਮਹਾਰਾਸ਼ਟਰ ਸਰਕਾਰ ਦੇ ਘੱਟ ਗਿਣਤੀ ਵਿਕਾਸ ਵਿਭਾਗ ਨੇ ਐਕਟ ਨੂੰ ਲਾਗੂ ਕਰਨ ਸਬੰਧੀ ਰਾਜ ਦੇ ਸਾਰੇ ਵਿਭਾਗੀ ਕਮਿਸ਼ਨਰਾਂ ਨੂੰ ਅਧਿਕਾਰਤ ਹਦਾਇਤਾਂ ਜਾਰੀ ਕੀਤੀਆਂ ਹਨ। ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਅਤੇ 11 ਮੈਂਬਰੀ ਸਿੱਖ ਕੋਆਰਡੀਨੇਸ਼ਨ ਕਮੇਟੀ ਨੇ 6 ਫਰਵਰੀ 2025 ਨੂੰ ਘੱਟ ਗਿਣਤੀ ਵਿਕਾਸ ਵਿਭਾਗ ਦੇ ਸਕੱਤਰ ਰੁਚੇਸ਼ ਜੈਵਨਸ਼ੀ ਨੂੰ ਇੱਕ ਮੰਗ ਪੱਤਰ ਸੌਂਪਿਆ ਸੀ। ਅਕੈਡਮੀ ਦੇ ਕਾਰਜਕਾਰੀ ਪ੍ਰਧਾਨ ਬਾਲ ਮਲਕੀਤ ਸਿੰਘ ਅਤੇ ਤਾਲਮੇਲ ਕਮੇਟੀ ਦੇ ਕਨਵੀਨਰ ਜਸਪਾਲ ਸਿੰਘ ਸਿੱਧੂ ਨੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਲਈ ਇਹ ਇਤਿਹਾਸਕ ਪ੍ਰਾਪਤੀ ਹੈ।

ਇਹ ਫੈਸਲਾ ਸਿੱਖ ਵਿਆਹ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸਰਲ ਅਤੇ ਸਤਿਕਾਰਯੋਗ ਬਣਾ ਦੇਵੇਗਾ। ਹੁਣ ਸਿਵਲ ਬਾਡੀਜ਼ ਨੂੰ ਵੱਖਰੇ ਤੌਰ ਤੇ ਅਪਲਾਈ ਕਰਨ ਦੀ ਲੋੜ ਨਹੀਂ ਪਵੇਗੀ। ਇਹ ਫੈਸਲਾ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰਾਖੀ ਲਈ ਇੱਕ ਅਹਿਮ ਕਦਮ ਹੈ।

# ਪੰਜਾਬ ਪੁਲਿਸ ਵੱਲੋਂ 10.5 ਕਿਲੋ ਅਫੀਮ ਅਤੇ 35 ਹਜ਼ਾਰ ਰੁਪਏ ਡਰੱਗ ਮਨੀ ਸਮੇਤ ਸ੍ਰੀ ਮੁਕਤਸਰ ਸਾਹਿਬ ਤੋਂ ਨਸ਼ਾ ਤਸਕਰ ਕਾਬੂ

ਚੰਡੀਗੜ੍ਹ/ ਸ੍ਰੀ ਮੁਕਤਸਰ ਸਾਹਿਬ, (ਲੋਕ ਬਾਣੀ)-: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਮਿਲੀ ਜਾਣਕਾਰੀ 'ਤੇ ਵੱਡੀ ਕਾਰਵਾਈ ਕਰਦਿਆਂ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਇੱਕ ਡਰੱਗ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਨਸ਼ਾ ਤਸਕਰ ਨੂੰ ਗ੍ਰਿਫਤਾਰ ਕਰਕੇ ਉਸਦੇ ਕਬਜ਼ੇ ਚੋਂ 10.5 ਕਿਲੋ ਅਫੀਮ ਅਤੇ 35000 ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਦੱਸਣਯੋਗ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਜੂ ਵਜੋਂ ਹੋਈ ਹੈ, ਜੋ ਕਿ ਪਿੰਡ ਭਗਵਾਨਪੁਰਾ ਦਾ ਰਹਿਣ ਵਾਲਾ ਹੈ ਅਤੇ ਇਸ ਵੇਲੇ ਮਲੋਟ ਦੇ ਸ਼ਹੀਦ ਭਗਤ ਸਿੰਘ ਨਗਰ ਵਿਖੇ ਰਹਿ ਰਿਹਾ ਹੈ। ਅਫੀਮ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਸਦਾ ਟੀਵੀਐਸ ਅਪਾਚੇ ਮੋਟਰਸਾਈਕਲ (ਰਜਿਸਟ੍ਰੇਸ਼ਨ ਨੰਬਰ ਪੀਬੀ 08 ਈਐਸ 4930) ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅਖਿਲ ਚੌਧਰੀ ਨੇ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਤੇ ਕਾਰਵਾਈ ਕਰਦਿਆਂ, ਐਸਪੀ ਇਨਵੈਸਟੀਗੇਸ਼ਨ ਅਤੇ ਡੀਐਸਪੀ (ਡੀ) ਦੀ ਨਿਗਰਾਨੀ ਹੇਠ ਸੀਆਈਏ ਮਲੋਟ ਦੀਆਂ ਟੀਮਾਂ ਨੇ ਤੁਰੰਤ ਕਾਰਵਾਈ ਕੀਤੀ ਅਤੇ ਇੱਕ ਪਾਰਦਰਸ਼ੀ ਪੈਕੇਟ ਵਿੱਚ 3.5 ਕਿਲੋ ਅਫੀਮ ਅਤੇ 35,000 ਰੁਪਏ ਡਰੱਗ ਮਨੀ ਬਰਾਮਦ ਕਰਨ ਤੋਂ ਬਾਅਦ ਦੋਸ਼ੀ ਰਾਜੂ ਨੂੰ ਕਾਬੂ ਕਰ ਲਿਆ।

ਉਨ੍ਹਾਂ ਕਿਹਾ ਕਿ ਪੁੱਛਗਿੱਛ ਦੌਰਾਨ ਦੋਸ਼ੀ ਰਾਜੂ ਨੇ ਕਬੂਲ ਕੀਤਾ ਕਿ ਉਸਨੇ ਆਪਣੇ ਘਰ ਵਿੱਚ ਹੋਰ ਅਫੀਮ ਛੁਪਾਈ ਹੋਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਰਾਜੂ ਦੇ ਬਿਆਨ ਦੇ ਆਧਾਰ ਤੇ, ਪੁਲਿਸ ਟੀਮਾਂ ਨੇ ਉਸ ਦੇ ਘਰ ਦੀ ਤਲਾਸ਼ੀ ਲਈ ਅਤੇ ਹੋਰ 7 ਕਿਲੋ ਅਫੀਮ ਬਰਾਮਦ ਹੋਈ।

ਐਸਐਸਪੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤਾ ਮੁਲਜ਼ਮ ਆਦਤਨ ਨਸ਼ਾ ਤਸਕਰ ਹੈ ਅਤੇ ਮਾਰਚ 2024 ਵਿੱਚ ਸਦਰ ਪੁਲਿਸ ਵਿਖੇ ਦਰਜ 54 ਕਿਲੋ ਭੁੱਕੀ ਬਰਾਮਦਗੀ ਦੇ ਮਾਮਲੇ ਵਿੱਚ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੂੰ ਵੀ ਲੋੜੀਂਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਹੋਰ ਖੁਲਾਸੇ ਹੋਣ ਦੀ ਉਮੀਦ ਹੈ।



ਇਸ ਸਬੰਧੀ ਥਾਣਾ ਸਦਰ ਮਲੋਟ ਵਿਖੇ ਐਨਡੀਪੀਐਸ ਐਕਟ ਦੀ ਧਾਰਾ 18(ਬੀ) ਤਹਿਤ ਐਫਆਈਆਰ ਨੰਬਰ 15 ਮਿਤੀ 06.03.2025 ਨੂੰ ਦਰਜ ਕੀਤੀ ਗਈ ਹੈ।

# SGPC ਦੀ ਕਾਰਜਕਾਰਨੀ ਨੇ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਜਥੇਦਾਰੀ ਤੋਂ ਆ ਹਟਾਇਆ




ਅੰਮ੍ਰਿਤਸਰ:-(ਲੋਕ ਬਾਣੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਕਾਰਨੀ ਦੀ ਮੀਟਿੰਗ ਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਵੀਰ ਸਿੰਘ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ। ਮੀਟਿੰਗ ਚ ਇਹ ਫੈਸਲਾ ਲਿਆ ਗਿਆ ਕਿ ਉਹ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਬਣੇ ਰਹਿਣਗੇ। ਕਾਰਜਕਾਰਨੀ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੁਲਤਾਨ ਸਿੰਘ ਦੀਆਂ ਵੀ ਸੇਵਾਵਾਂ ਖਤਮ ਕਰ ਦਿੱਤੀਆਂ ਹਨ ਅਤੇ ਉਹਨਾਂ ਦੀ ਥਾਂ ਤੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਕਾਰਜਕਾਰੀ ਜਥੇਦਾਰ ਨਿਯੁਕਤ ਕਰ ਦਿੱਤਾ ਗਿਆ ਹੈ।

# ਆਪ੍ਰੇਸ਼ਨ ਸੀਲ-9: ਪੰਜਾਬ ਪੁਲਿਸ ਨੇ ਨਸ਼ਾ ਤਸਕਰਾਂ ਅਤੇ ਸ਼ਰਾਬ ਤਸਕਰਾਂ 'ਤੇ ਬਾਜ਼ ਅੱਖ ਰੱਖਣ ਲਈ 10 ਜ਼ਿਲ੍ਹਿਆਂ ਦੀਆਂ 84 ਅੰਤਰ-ਰਾਜੀ ਐਂਟਰੀ/ਐਗਜ਼ਿਟ ਪੁਆਇੰਟਸ ਕੀਤੇ ਸੀਲ

ਚੰਡੀਗੜ੍ਹ,(ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਣਤ ਦੇ ਮੁਕੰਮਲ ਖ਼ਤਮੇ ਲਈ ਵਿੱਢੀ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਨੂੰ ,ਲਗਾਤਾਰ ਸੱਤਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਸ਼ੁੱਕਰਵਾਰ ਨੂੰ ਇੱਕ ਵਿਸ਼ੇਸ਼ ਆਪ੍ਰੇਸ਼ਨ ' ਅਪ੍ਰੇਸ਼ਨ ਸੀਲ-9' ਚਲਾਇਆ, ਜਿਸਦਾ ਉਦੇਸ਼ ਸਰਹੱਦੀ ਸੂਬੇ ਪੰਜਾਬ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਸਾਰੇ ਵਾਹਨਾਂ ਦੀ ਚੈਕਿੰਗ ਕਰਨਾ ਸੀ ਤਾਂ ਜੋ ਨਸ਼ਾ ਤਸਕਰਾਂ ਅਤੇ ਸ਼ਰਾਬ ਤਸਕਰਾਂ 'ਤੇ ਤਿੱਖੀ ਨਜ਼ਰ ਰੱਖੀ ਜਾ ਸਕੇ।

ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸਾਰੇ ਸਰਹੱਦੀ ਜ਼ਿਲ੍ਹਿਆਂ ਵਿੱਚ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ, ਸਾਰੇ ਐਸਐਸਪੀਜ਼ ਨੂੰ ਨਿਰਦੇਸ਼ ਦਿੱਤੇ ਗਏ ਸਨ ਕਿ ਸਰਹੱਦੀ ਜ਼ਿਲ੍ਹਿਆਂ ਦੀਆਂ ਰਣਨੀਤਕ ਥਾਵਾਂ 'ਤੇ ਸਾਂਝੇ ਨਾਕੇ ਲਗਾਏ ਜਾਣ ਅਤੇ ਗਜ਼ਟਿਡ ਅਧਿਕਾਰੀਆਂ/ਐਸਐਚਓਜ਼ ਦੀ ਨਿਗਰਾਨੀ ਹੇਠ ਸੀਲਿੰਗ ਪੁਆਇੰਟਾਂ 'ਤੇ ਮਜ਼ਬੂਤ 'ਨਾਕੇ' ਲਗਾਉਣ ਲਈ ਵੱਧ ਤੋਂ ਵੱਧ ਨਫ਼ਰੀ ਜੁਟਾਈ ਜਾਵੇ।

ਇਸ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ ਕਿ ਚਾਰ ਸਰਹੱਦੀ ਰਾਜਾਂ ਅਤੇ ਯੂਟੀ ਚੰਡੀਗੜ੍ਹ ਨਾਲ ਸਰਹੱਦਾਂ ਸਾਂਝੀਆਂ ਕਰਨ ਵਾਲੇ 10 ਜ਼ਿਲ੍ਹਿਆਂ ਦੇ ਲਗਭਗ 84 ਦਾਖਲਾ ਹੋਣ/ਬਾਹਰ ਜਾਣ ਵਾਲੇ ਪੁਆਇੰਟਾਂ 'ਤੇ ਇੰਸਪੈਕਟਰਾਂ/ਡੀਐਸਪੀਜ਼ ਦੀ ਨਿਗਰਾਨੀ ਹੇਠ, 1000 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਨਫ਼ਰੀ ਵਾਲੇ ਮਜ਼ਬੂਤ ਨਾਕੇ ਲਗਾਏ ਗਏ ਸਨ। 10 ਅੰਤਰ-ਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੋਪੜ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਦਾਖਲ ਹੋਣ/ਬਾਹਰ ਜਾਣ ਵਾਲੇ 3938 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 471 ਦੇ ਚਲਾਨ ਕੱਟੇ ਗਏ ਅਤੇ 11 ਨੂੰ ਜ਼ਬਤ ਕੀਤਾ ਗਿਆ।

ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਘੇਰਾਬੰਦੀ ਅਤੇ ਖੋਜ ਮੁਹਿੰਮ (ਕਾਸੋ) ਜਾਰੀ ਰੱਖੀ ਹੈ ਅਤੇ ਸ਼ੁੱਕਰਵਾਰ ਨੂੰ 687 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਨਾਲ ਸੂਬੇ ਭਰ ਵਿੱਚ 86 ਐਫ਼ਆਈਆਰਜ਼ ਦਰਜ ਹੋਣ ਤੋਂ ਬਾਅਦ 111 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਨਾਲ, ਇੱਕ ਹਫ਼ਤੇ ਦੇ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 884 ਹੋ ਗਈ ਹੈ।


ਸਪੈਸ਼ਲ ਡੀਜੀਪੀ ਨੇ ਕਿਹਾ ਕਿ ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 1.2 ਕਿਲੋਗ੍ਰਾਮ ਹੈਰੋਇਨ, 9.8 ਕਿਲੋਗ੍ਰਾਮ ਅਫੀਮ, 3.3 ਕਿਲੋਗ੍ਰਾਮ ਗਾਂਜਾ, 46 ਕਿਲੋਗ੍ਰਾਮ ਭੁੱਕੀ, 7091 ਨਸ਼ੀਲੀਆਂ ਗੋਲੀਆਂ/ਟੀਕੇ ਅਤੇ 1.32 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।



ਉਨ੍ਹਾਂ ਦੱਸਿਆ ਕਿ 111 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 2000 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 250 ਦੇ ਕਰੀਬ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਛਾਪੇਮਾਰੀ ਕੀਤੀ ਅਤੇ 787 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਹੈ ਅਤੇ ਅਜਿਹੇ ਆਪ੍ਰੇਸ਼ਨ ਰਾਜ ਵਿੱਚੋਂ ਨਸ਼ੇ ਦੀ ਲਾਹਣਤ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹਿਣਗੇ।ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਰਾਜ ਵਿੱਚੋਂ ਨਸ਼ੇ ਦੀ ਲਾਹਣਤ ਨੂੰ ਖਤਮ ਕਰਨ ਲਈ ਤਿੰਨ-ਨੁਕਾਤੀ ਰਣਨੀਤੀ - ਇਨਫੋਰਸਮੈਂਟ, ਡੀਐਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕਰਨ ਦੇ ਨਾਲ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਦੋ ਵਿਅਕਤੀਆਂ ਨੂੰ ਨਸ਼ਾ ਛੁਡਾਉਣ ਅਤੇ ਮੁੜ-ਵਸੇਬੇ ਦੇ ਇਲਾਜ ਲਈ ਰਾਜ਼ੀ ਕੀਤਾ ਹੈ, ਜਦੋਂ ਕਿ, ਰੋਕਥਾਮ ਦੇ ਹਿੱਸੇ ਵਜੋਂ ਮੰਗਲਵਾਰ ਨੂੰ ਰਾਜ ਭਰ ਵਿੱਚ 189 ਜਾਗਰੂਕਤਾ ਸਮਾਗਮਾਂ ਦਾ ਆਯੋਜਨ ਕੀਤਾ ਗਿਆ।

# ਭਾਰਤ-ਪਾਕਿ ਰੇਲਵੇ ਟ੍ਰੈਕ ਤੇ ਮਿਲਿਆ ਹੈਂਡ ਗ੍ਰਨੇਡ, ਦਹਿਸ਼ਤ ਦਾ ਮਾਹੌਲ, ਇਲਾਕਾ ਸੀਲ



ਅੰਮ੍ਰਿਤਸਰ-(ਲੋਕ ਬਾਣੀ) ਭਾਰਤ ਤੋਂ ਪਾਕਿਸਤਾਨ ਜਾਣ ਵਾਲੇ ਰੇਲਵੇ ਟ੍ਰੈਕ ਦੇ ਨੇੜੇ ਅੰਤਰਰਾਸ਼ਟਰੀ ਸਰਹੱਦ ਨੇੜੇ ਇੱਕ ਹੈਂਡ ਗ੍ਰਨੇਡ ਬਰਾਮਦ ਹੋਇਆ ਹੈ। ਇਹ ਗ੍ਰਨੇਡ ਅਟਾਰੀ ਰੇਲਵੇ ਸਟੇਸ਼ਨ ਨੇੜੇ ਮਿਲਿਆ ਹੈ। ਘਟਨਾ ਤੋਂ ਬਾਅਦ ਸੁਰੱਖਿਆ ਏਜੰਸੀਆਂ ਚੌਕਸ ਹੋ ਗਈਆਂ ਹਨ। ਇਸ ਦੇ ਨਾਲ ਹੀ ਪੁਲਸ ਨੇ ਬੰਬ ਨੂੰ ਕਬਜ਼ੇ ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ 2019 ਤੋਂ ਪਾਕਿਸਤਾਨ ਜਾਣ ਵਾਲੀ ਸਮਝੌਤਾ ਟਰੇਨ ਦੀ ਆਵਾਜਾਈ ਬੰਦ ਹੈ।ਇਹ ਗ੍ਰਨੇਡ ਸਰਹੱਦੀ ਪਿੰਡ ਰੋਡਾਵਾਲੀ ਨੇੜੇ ਮਿਲਿਆ ਹੈ। ਪਾਕਿਸਤਾਨ ਦੀ ਸਰਹੱਦ ਇਸ ਥਾਂ ਤੋਂ ਥੋੜ੍ਹੀ ਦੂਰੀ ਤੇ ਹੈ। ਸ਼ੁਰੂਆਤੀ ਜਾਂਚ ਚ ਸਾਹਮਣੇ ਆਇਆ ਹੈ ਕਿ ਜ਼ਬਤ ਕੀਤਾ ਗਿਆ ਹੈਂਡ ਗ੍ਰਨੇਡ ਕਾਫੀ ਪੁਰਾਣਾ ਹੈ ਪਰ ਇਸ ਦੀ ਸਹੀ ਸਥਿਤੀ ਅਤੇ ਖਤਰੇ ਦੇ ਪੱਧਰ ਦੀ ਜਾਂਚ ਕੀਤੀ ਜਾ ਰਹੀ ਹੈ।

ਗ੍ਰਨੇਡ ਮਿਲਣ ਤੋਂ ਬਾਅਦ ਪੁਲਿਸ ਅਤੇ ਬੰਬ ਨਿਰੋਧਕ ਦਸਤੇ ਨੇ ਮੌਕੇ ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਦੇਖਣਾ ਬਾਕੀ ਹੈ ਕਿ ਇਹ ਬੰਬ ਕਿੰਨਾ ਪੁਰਾਣਾ ਹੈ ਅਤੇ ਇੱਥੇ ਕਿਵੇਂ ਪਹੁੰਚਿਆ।

# ਮਾਲੇਰਕੋਟਲਾ ਪੁਲਿਸ ਵਲੋਂ ਸਥਾਨਕ ਕੇਂਦਰੀ ਜੇਲ ਵਿਖੇ ਯੁੱਧ ਨਸ਼ਿਆਂ ਵਿਰੁੱਧ ' ਆਰੰਭੀ ਮੁਹਿੰਮ ਤਹਿਤ ਕੀਤੀ ਅਚਨਚੇਤ ਚੈਕਿੰਗ

ਮਾਲੇਰਕੋਟਲਾ, :(ਕਿੰਮੀ ,ਅਰੋੜਾ,ਅਸਲਮ ਨਾਜ਼)

ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਗਗਨ ਅਜੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਪੂਰੀ ਤਰ੍ਹਾਂ ਸਰਗਰਮ ਹੋ ਕੇ ਨਿਰੰਤਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਹੀ ਪੁਲਿਸ ਪ੍ਰਸ਼ਾਸ਼ਨ ਵਲੋਂ ਸਥਾਨਕ ਕੇਂਦਰੀ ਜੇਲ ਵਿਖੇ ' ਯੁੱਧ ਨਸ਼ਿਆਂ ਵਿਰੁੱਧ ' ਤਹਿਤ ਅਚਨਚੇਤ ਚੈਕਿੰਗ ਮੁਹਿੰਮ ਆਰੰਭੀ ਗਈ । ਇਸ ਮੌਕੇ ਡੀ.ਐਸ.ਪੀ.ਕੁਲਦੀਪ ਸਿੰਘ, ਸਤੀਸ਼ ਕੁਮਾਰ ਸਮੇਤ ਪੁਲਿਸ ਵਿਭਾਗ ਦੇ ਉੱਚ ਅਧਿਕਾਰੀ ਮੌਜੂਦ ਸਨ ।



ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਦੱਸਿਆ ਕਿ ਇਹ ਮੁਹਿੰਮ ਡੀ.ਜੀ.ਪੀ ਪੰਜਾਬ ਸ਼੍ਰੀ ਗੌਰਵ ਯਾਦਵ ਦੇ ਹੁਕਮਾਂ ਤਹਿਤ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਜਾ ਰਹੀ ਹੈ। ਇਨ੍ਹਾਂ ਮੁਹਿੰਮਾਂ ਵਿਚ ਵੱਖ ਵੱਖ ਥਾਵਾਂ ਉੱਤੇ ਚੈਕਿੰਗਾਂ ਅਤੇ ਛਾਪੇਮਾਰੀਆਂ ਕੀਤੀਆਂ ਜਾ ਰਹੀਆਂ ਹਨ। ਨਸ਼ਾ ਤਸਕਰ ਦੇ ਦੋਸ਼ ਵਿੱਚ ਪਾਏ ਜਾਣ ਵਾਲੇ ਮੁਜਰਮਾਂ ਉਤੇ ਸਖਤ ਕਾਰਵਾਈਆਂ ਕੀਤੀਆਂ ਜਾਣਗੀਆਂ। ਚੈਕਿੰਗ ਅਭਿਆਨ ਬਾਰੇ ਜਾਣਕਾਰੀ ਦਿੰਦਿਆ ਉਨ੍ਹਾਂ ਦੱਸਿਆ ਕਿ ਮਾਲੇਰਕੋਟਲਾ ਪੁਲਿਸ ਆਪਣੇ ਅਧਿਕਾਰ ਖੇਤਰ ਅਧੀਨ ਸਾਰੀਆਂ ਥਾਵਾਂ ਤੇ ਸੁਰੱਖਿਆ ਨੂੰ ਲਾਗੂ ਕਰਨ ਅਤੇ ਸੁਧਾਰਾਤਮਕ ਸਹੂਲਤਾਵਾਂ ਸਮੇਤ ਅਮਨ-ਕਾਨੂੰਨ ਨੂੰ ਬਰਕਰਾਰ ਰੱਖਣ ਅਤੇ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅਜਿਹੇ ਸਖ਼ਤ ਨਿਰੀਖਣ ਕਾਰਜ ਉਹ ਮਿਆਰੀ ਪ੍ਰੋਟੋਕੋਲ ਹਨ ਜੋ ਅਸੀਂ ਅਨੁਸ਼ਾਸਨ ਨੂੰ ਕਾਇਮ ਰੱਖਣ ਅਤੇ ਕਿਸੇ ਵੀ ਗੈਰ ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਕਰਦੇ ਰਹਿੰਦੇ ਹਾਂ।'

ਉਨ੍ਹਾਂ ਦੱਸਿਆ ਕਿ ਇਸੇ ਮੁਹਿੰਮ ਤਹਿਤ ਜਿਲ੍ਹਾ ਜੇਲ ਦੀ ਚੈਕਿੰਗ ਵੀ ਕੀਤੀ ਗਈ ਜਿਸ ਵਿੱਚ 01 ਡੀ.ਐਸ.ਪੀ., 03 ਮੁੱਖ ਅਫਸਰ ਥਾਣਾ ਸਮੇਤ 80 ਪੁਲਿਸ ਮੁਲਾਜਮਾਂ ਰਾਹੀਂ ਜੇਲ ਵਿੱਚ 05 ਬੈਰਕ, ਹਾਈ ਸਕਿਓਰਟੀ ਜ਼ੋਨ ਅਤੇ ਲੰਗਰ ਬੈਰਕ ਨੂੰ ਵੀ ਬਰੀਕੀ ਨਾਲ ਚੈੱਕ ਕੀਤਾ ਗਿਆ ਜਿਸ ਦੌਰਾਨ ਕੋਈ ਇਤਰਾਜ਼ਯੋਗ ਸਮੱਗਰੀ ਬ੍ਰਾਮਦ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਭਵਿੱਖ ਵਿੱਚ ਤਲਾਸ਼ੀ ਮੁਹਿੰਮਾਂ ਲਗਾਤਾਰ ਚਲਾਈਆਂ ਜਾਣਗੀਆਂ।

# ਸ਼ਹਿਰ ਚ ਲੱਖਾਂ ਮੁਸਲਮਾਨਾਂ ਨੇ ਅਦਾ ਕੀਤੀ ਰਮਜਾਨ ਦੇ ਪਹਿਲੇ ਜੁੰਮੇ ਦੀ ਨਮਾਜ



ਲੁਧਿਆਣਾ: (ਸੁਖਚੈਨ ਮਹਿਰਾ, ) ਪਵਿੱਤਰ ਰਮਜਾਨ ਮਹੀਨੇ ਦੇ ਅੱਜ ਪਹਿਲੇ ਜੁੰਮੇ ਦੀ ਨਮਾਜ ਮੌਕੇ ਸ਼ਹਿਰ ਭਰ ਵਿੱਚ ਲੱਖਾਂ ਮੁਸਲਮਾਨਾਂ ਨੇ ਅਲਗ-ਅਲਗ ਮਸਜਿਦਾਂ ਚ ਅਦਾ ਕੀਤੀ ।ਇਸ ਮੌਕੇ ਤੇ ਫੀਲਡਗੰਜ ਚੌਕ ਵਿਖੇ ਇਤਿਹਾਸਿਕ ਜਾਮਾ ਮਸਜਿਦ ਵਿੱਚ ਹਜਾਰਾਂ ਮੁਸਲਮਾਨਾਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੇ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਰੋਜਾ ਇਨਸਾਨ ਨੂੰ ਬੁਰਾਈਆਂ ਤੋਂ ਰੋਕ ਕੇ ਚੰਗੇ ਰਾਹ ਵੱਲ ਲੈ ਕੇ ਜਾਂਦਾ ਹੈ ।ਉਹਨਾਂ ਦੱਸਿਆ ਕਿ ਹਜਰਤ ਮੁਹੰਮਦ ਸਲਲੱਲਾਹੂ ਅਲੈਹੀਵਸੱਲਮ ਦਾ ਫਰਮਾਨ ਹੈ ਕਿ ਰੋਜਾ ਇਨਸਾਨ ਦੇ ਲਈ ਢਾਲ ਹੈ ਜਦੋ ਤੱਕ ਉਹ ਇਸਨੂੰ ਫਾੜ ਨਾ ਦਵੇ ।ਸ਼ਾਹੀ ਇਮਾਮ ਮੌਲਾਨਾ ਉਸਮਾਨ ਨੇ ਕਿਹਾ ਕਿ ਰੋਜਾ ਰੱਖਣ ਦਾ ਮੱਤਲਬ ਸਿਰਫ ਭੁੱਖੇ-ਪਿਆਸੇ ਰਹਿਣਾ ਨਹੀਂ ਹੈ ।ਰੋਜੇਦਾਰ ਤੇ ਲਾਜ਼ਮੀ ਹੈ ਕਿ ਉਹ ਅਪਣੀਆਂ ਅੱਖਾਂ, ਅਪਣੀ ਜੁਬਾਨ ਅਤੇ ਕੰਨਾਂ ਦਾ ਵੀ ਰੋਜਾ ਰੱਖੇ ਅਤੇ ਕਿਸੇ ਵੱਲ ਵੀ ਗਲਤ ਨਿਗ੍ਹਾਂ ਨਾਲ ਨਾ ਵੇਖੇ ਅਤੇ ਆਪਣੀ ਜੁਬਾਨ ਨਾਲ ਲੋਕਾਂ ਨੂੰ ਤਕਲੀਫ ਨਾ ਪਹੁੰਚਾਵੇ ।ਸ਼ਾਹੀ ਇਮਾਮ ਨੇ ਕਿਹਾ ਕਿ ਰੋਜੇਦਾਰਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਗੁਆਢੀਆਂ, ਰਿਸ਼ਤੇਦਾਰਾਂ ਦੇ ਨਾਲ-ਨਾਲ ਉਹਨਾਂ ਲੋਕਾਂ ਦਾ ਖਿਆਲ ਰੱਖਣ ਜੋ ਕਿ ਗਰੀਬੀ ਕਰਕੇ ਰਮਜਾਨ ਵਿੱਚ ਪ੍ਰੇਸ਼ਾਨ ਨਜਰ ਆਉਂਦੇ ਹਨ ।ਉਹਨਾਂ ਕਿਹਾ ਕਿ ਗਰੀਬ ਦੀ ਮਦਦ ਕਰਨਾ ਸਾਡੇ ਲਈ ਲਾਜ਼ਿਮ ਹੈ । ਸ਼ਾਹੀ ਇਮਾਮ ਨੇ ਕਿਹਾ ਕਿ ਰੋਜਾ ਖਾਸ ਅੱਲ੍ਹਾ ਦੇ ਲਈ ਰੱਖਿਆ ਜਾਂਦਾ ਹੈ । ਉਹਨਾਂ ਕਿਹਾ ਕਿ ਅੱਲ੍ਹਾ ਤਾਆਲਾ ਨੂੰ ਰੋਜੇਦਾਰ ਦੇ ਮੂੰਹ ਦੀ ਬੂ ਬਹਿਸ਼ਤ (ਜੰਨਤ) ਦੀ ਖੁਸ਼ਬੂ ਨਾਲੋਂ ਜਿਆਦਾ ਚੰਗੀ ਲੱਗਦੀ ਹੈ ।ਸ਼ਾਹੀ ਇਮਾਮ ਨੇ ਕਿਹਾ ਕਿ ਰੋਜੇਦਾਰ ਨੂੰ ਚਾਹੀਦਾ ਹੈ ਕਿ ਉਹ ਰਮਜਾਨ ਵਿੱਚ ਨੇਕੀ ਕਰਨ ਦੀ ਆਦਤ ਪਾਉਣ ਤਾਂਕਿ ਰਮਜਾਨ ਤੋਂ ਬਾਅਦ ਉਹ ਨੇਕੀ ਕਰਦਾ ਰਹੇ ।ਉਹਨਾਂ ਕਿਹਾ ਕਿ ਜੇਕਰ ਸਾਡਾ ਰੋਜਾ ਸਾਨੂੰ ਝੂਠ ਬੋਲਣ, ਬੁਰੀ ਨਿਗ੍ਹਾ ਨਾਲ ਦੇਖਣ, ਮੰਦੀਆਂ ਗੱਲਾਂ ਕਰਨ, ਹਰਾਮ ਕਮਾਉਣ, ਸ਼ਰਾਬ ਪੀਣ ਤੋਂ ਨਹੀਂ ਰੋਕਦਾ ਤਾਂ ਇਹ ਗੱਲ ਚੰਗੀ ਤਰ੍ਹਾਂ ਸਮਝ ਲੈਣੀ ਚਾਹੀਦੀ ਹੈ ਕਿ ਉਹ ਇਨਸਾਨ ਰੋਜੇਦਾਰ ਨਹੀਂ ਹੈ ।ਉਹਨਾਂ ਕਿਹਾ ਕਿ ਰਮਜਾਨ ਦੇ 30 ਦਿਨ ਸਾਨੂੰ ਬੁਰਾਈਆਂ ਨੂੰ ਛੱਡ ਕੇ ਖੁਦਾ ਦੇ ਹੁਕਮ ਮੁਤਾਬਿਕ ਜੀਵਨ ਜੀਉਣਾ ਚਾਹੀਦਾ ਹੈ ।ਵਰਣਨਯੋਗ ਹੈ ਕਿ ਅੱਜ ਪਵਿੱਤਰ ਰਮਜਾਨ ਦੇ ਪਹਿਲੇ ਜੁੰਮੇ ਦੀ ਨਮਾਜ ਦੇ ਮੌਕੇ ਤੇ ਲੱਖਾਂ ਮੁਸਲਮਾਨ ਮਸਜਿਦਾਂ ਚ ਇਕੱਠੇ ਹੋਏ ਜਿੱਥੇ ਨਮਾਜ ਤੋਂ ਬਾਅਦ ਵਿਸ਼ਵ ਸ਼ਾਂਤੀ ਦੀ ਦੁਆ ਵੀ ਕਰਵਾਈ ਗਈ ।

# ਰਵਾਇਤੀ ਫਸਲੀ ਚੱਕਰ ਛੱਡ ਕੇ ਫਸਲੀ ਵਿਭਿੰਨਤਾ ਅਪਣਾਉਣਾ ਸਮੇਂ ਦੀ ਲੋੜ

ਮਾਲੇਰਕੋਟਲਾ -(ਕਿੰਮੀ ਅਰੋੜਾ,ਅਸਲਮ ਨਾਜ਼) ਡਿਪਟੀ ਕਮਿਸ਼ਨਰ ਵਿਰਾਜ.ਐਸ.ਤਿੜਕੇ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਹਿਮਦਗੜ੍ਹ ਦੀ ਟੀਮ ਵੱਲੋਂ ਫ਼ਸਲੀ ਵਿਭਿੰਨਤਾ ਲਿਆਉਣ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪਿੰਡ ਫਲੌਂਡ ਵਿਖੇ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਖੇਤੀਬਾੜੀ ਉਪ ਨਿਰਿਖਕ ਹਰਵਿੰਦਰ ਸਿੰਘ ਖੇਤੀਬਾੜੀ ਨੇ ਦੱਸਿਆ ਕਿ ਕਿਸਾਨ ਝੋਨਾ ਅਤੇ ਕਣਕ ਤੋਂ ਇਲਾਵਾ ਹੋਰ ਫਸਲਾਂ ਬੀਜ ਕੇ ਜਿੱਥੇ ਆਪਣੀ ਆਮਦਨ ਚ ਵਾਧਾ ਕਰ ਸਕਦੇ ਹਨ, ਉੱਥੇ ਹੀ ਵਾਤਾਵਰਨ ਨਾਲ ਸਬੰਧਿਤ ਸਮੱਸਿਆਵਾਂ ਨੂੰ ਜੜ੍ਹ ਤੋਂ ਖਤਮ ਕਰਨ ਵਿੱਚ ਆਪਣਾ ਅਹਿਮ ਰੋਲ ਅਦਾ ਕਰ ਸਕਦੇ ਹਨ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਰਵਾਇਤੀ ਫਸਲੀ ਚੱਕਰ ਨੂੰ ਛੱਡ ਕੇ ਆਪਣੀ ਜਮੀਨ ਨੂੰ ਦੇਖਦੇ ਹੋਏ ਢੁੱਕਵੀਂ ਫਸਲ ਹੀ ਬੀਜਣੀ ਚਾਹੀਦੀ ਹੈ। ਅੱਜ ਦੇ ਸਮੇਂ ਦੀ ਮੰਗ ਹੈ ਕਿ ਕਣਕ-ਝੋਨੇ ਦੇ ਫ਼ਸਲੀ ਚੱਕਰ ਹੇਠੋਂ ਕੁਝ ਰਕਬਾ ਘਟਾ ਕੇ ਹੋਰ ਫ਼ਸਲੀ ਚੱਕਰਾਂ ਅਧੀਨ ਰਕਬਾ ਵਧਾਇਆ ਜਾਵੇ, ਜਿਸ ਨਾਲ ਕਿਸਾਨ ਦੇ ਮੁਨਾਫ਼ੇ ਵਿੱਚ ਵੀ ਵਾਧਾ ਹੋਵੇ । ਉਨਾਂ ਹੋਰ ਦੱਸਿਆ ਕਿ ਅਜੋਕੇ ਸਮੇਂ ਵਿੱਚ ਮੱਕੀ ਦੀ ਡਿਮਾਂਡ ਕਾਫੀ ਵੱਧ ਰਹੀ ਹੈ। ਮੱਕੀ ਇੱਕ ਚੰਗਾ ਝਾੜ ਦੇਣ ਵਾਲੀ ਫਸਲ ਹੈ। ਉਹਨਾਂ ਨੇ ਦੱਸਿਆ ਕਿ ਈਥੇਨੋਲ ਪਲਾਟ, ਮੱਕੀ ਦਾ ਅਚਾਰ ਤਿਆਰ ਕਰਨ ਵਾਲੀਆ ਕੰਪਨੀਆਂ, ਵੱਡੇ ਡੇਅਰੀ ਫਾਰਮਾ ਅਤੇ ਗਾਊਸ਼ਾਲਾ ਵਲੋ ਮੱਕੀ ਦੀ ਵੱਡੇ ਪੱਧਰ ਤੇ ਡਿਮਾਂਡ ਕੀਤੀ ਜਾ ਰਹੀ ਹੈ। ਉਹਨਾਂ ਨੇ ਦੱਸਿਆ ਕਿ ਮੱਕੀ ਦਾ ਆਚਾਰ ਦੁਧਾਰੂ ਪਸ਼ੂਆਂ ਲਈ ਵਧੀਆ ਖੁਰਾਕ ਹੈ ਅਤੇ ਮੱਕੀ ਦੇ ਅਚਾਰ ਨਾਲ ਪਸ਼ੂਆਂ ਵਿੱਚ ਦੁੱਧ ਦੇਣ ਦੀ ਸਮੱਰਥਾ ਵੀ ਵੱਧ ਜਾਂਦੀ ਹੈ। ਇਸ ਕੈਂਪ ਵਿੱਚ ਤਰਨਦੀਪ ਸਿੰਘ ਤੋਂ ਇਲਾਵਾ ਹੋਰ ਅਗਾਹ ਵਧੂ ਕਿਸਾਨ ਵੀ ਹਾਜਰ ਰਹੇ।







# ਜੀ.ਆਰ.ਡੀ. ਕਾਲਜ ਫਗਵਾੜਾ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸ਼੍ਰੀ ਗੁਰੂ ਰਵਿਦਾਸ ਜੀ ਦਾ 648ਵਾਂ ਪ੍ਰਕਾਸ਼ ਪੁਰਬ







ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਸਮਾਗਮ ਜੀ.ਆਰ.ਡੀ. ਕੋਐਜੂਕੇਸ਼ਨਲ ਕਾਲਜ ਫਗਵਾੜਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਵੇਰੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਕੀਰਤਨੀ ਜੱਥੇ ਵਲੋਂ ਰਸਭਿੰਨੇ ਕੀਰਤਨ ਰਾਹੀਂ ਗੁਰੂ ਮਹਾਰਾਜ ਦੀ ਬਾਣੀ ਸਰਵਣ ਕਰਵਾਈ ਗਈ। ਸਮਾਗਮ ਦੌਰਾਨ ਨਗਰ ਨਿਗਮ ਫਗਵਾੜਾ ਦੇ ਚੇਅਰਮੈਨ ਰਾਮਪਾਲ ਉੱਪਲ, ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਜਰਨੈਲ ਨੰਗਲ, ਬਲੱਡ ਬੈਂਕ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ, ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ ਅਤੇ ਅਡੀਸ਼ਨਲ ਕਮਿਸ਼ਨਰ (ਪੀਬੀ/ਆਰਟੀ) ਸੀ.ਆਰ. ਦਰਬੱਗਾ ਤੋਂ ਇਲਾਵਾ ਚੰਡੀਗੜ੍ਹ ਤੋਂ ਪਹੁੰਚੇ ਪ੍ਰੇਮ ਪਾਲ ਸਰੋਆ, ਬਲਦੇਵ ਰਾਜ ਆਬਾਦਪੁਰ ਅਤੇ ਕਾਲਜ ਟਰੱਸਟ ਦੇ ਚੇਅਰਮੈਨ ਯੂ.ਸੀ. ਸਰੋਆ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਜਿਹਨਾਂ ਦਾ ਨਿੱਘਾ ਸਵਾਗਤ ਪੰਜਾਬੀ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਸੰਦੀਪ ਕੁਮਾਰੀ ਅਤੇ ਮਿਸ ਮੀਨਾਕਸ਼ੀ ਵਲੋਂ ਗੁਲਦਸਤੇ ਭੇਂਟ ਕਰਕੇ ਕੀਤਾ ਗਿਆ। ਕਾਲਜ ਦੇ ਵਿਦਿਆਰਥੀਆਂ ਵਲੋਂ ਸ਼੍ਰੀ ਗੁਰੂ ਰਵਿਦਾਸ ਮਹਾਜ ਦੀ ਆਰਤੀ ਕੀਤੀ ਗਈ। ਬੀ.ਬੀ.ਏ. ਦੂਜੇ ਸਮੈਸਟਰ ਦੀ ਵਿਦਿਆਰਥਣ ਆਨਾ ਨੇ ਗੁਰੂ ਮਹਾਰਾਜ ਦੇ ਜੀਵਨ ਅਤੇ ਉਪਦੇਸ਼ਾਂ ਬਾਰੇ ਚਾਨਣਾ ਪਾਇਆ। ਪਤਵੰਤਿਆਂ ਨੇ ਗੁਰੂ ਮਹਾਰਾਜ ਦਾ ਅਸ਼ੀਰਵਾਦ ਲੈਣ ਉਪਰੰਤ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਉਹਨਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਆ। ਕਾਲਜ ਦੇ ਡਾਇਰੈਕਟਰ (ਐਜੂਕੇਸ਼ਨ) ਡਾ. ਨੀਲਮ ਸੇਠੀ ਅਤੇ ਪ੍ਰਿੰਸੀਪਲ ਗੁਰਜੀਤ ਕੌਰ ਨੇ ਮੁੱਖ ਮਹਿਮਾਨਾਂ ਦਾ ਪਹੁੰਚਣ ਲਈ ਧੰਨਵਾਦ ਕੀਤਾ। ਮੁੱਖ ਮਹਿਮਾਨਾਂ ਨੂੰ ਕਾਲਜ ਵਲੋਂ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਤ ਵੀ ਕੀਤਾ ਗਿਆ। ਕੜਾਹ ਪ੍ਰਸਾਦ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ। ਇਸ ਮੌਕੇ ਸਮਾਜ ਸੇਵਕ ਮੋਹਨ ਲਾਲ ਤਨੇਜਾ, ਸ਼੍ਰੀਮਤੀ ਸੰਤੋਸ਼ ਸਰੋਆ, ਕਾਲਜ ਟਰੱਸਟ ਦੇ ਜਨਰਲ ਸਕੱਤਰ ਤਾਰਾ ਚੰਦ ਚੁੰਬਰ, ਸ਼੍ਰੀਮਤੀ ਗੁਰਬਖਸ਼ ਕੌਰ, ਵਿੱਤ ਸਕੱਤਰ ਦਰਸ਼ਨ ਲਾਲ ਲੇਖ, ਬੀ.ਐਸ. ਬਾਗਲਾ, ਸੁਮਿੱਤਰੀ ਦੇਵੀ ਰੰਧਾਵਾ (ਯੂ.ਕੇ.), ਆਰ.ਕੇ. ਰਵੀ ਤੋਂ ਇਲਾਵਾ ਸਮੂਹ ਕਾਲਜ ਸਟਾਫ ਅਤੇ ਵਿਦਿਆਰਥੀ ਹਾਜਰ ਸਨ

# ਸਰਕਾਰੀ ਦਫ਼ਤਰਾਂ ਵਿੱਚ ਰਿਕਾਰਡ ਦੀ ਸਹੀ ਸੰਭਾਲ ਅਤੇ ਪਾਰਦਰਸ਼ਤਾ ਲੋਕਤੰਤਰ ਦੀ ਮਜ਼ਬੂਤੀ ਲਈ ਅਤਿਅੰਤ ਜ਼ਰੂਰੀ- ਦਲਜੀਤ ਸਿੰਘ ਮਾਂਗਟ


ਮਾਲੇਰਕੋਟਲਾ : (ਕਿੰਮੀ ਅਰੋੜਾ,ਅਸਲਮ ਨਾਜ਼) ਪਟਿਆਲਾ ਡਵੀਜ਼ਨ ਦੇ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਨੇ ਹਾਲ ਹੀ ਵਿੱਚ ਸਥਾਨ ਦਫਤਰ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਅਤੇ ਉਪ ਮੰਡਲ ਮੈਜਿਸਟਰੇਟ, ਅਮਰਗੜ੍ਹ ਦੇ ਦਫ਼ਤਰੀ ਰਿਕਾਰਡ ਦੀ ਵਿੱਤੀ ਸਾਲ 2024-25 ਲਈ ਪੜਤਾਲ ਕੀਤੀ। ਇਸ ਪੜਤਾਲ ਦਾ ਮੁੱਖ ਉਦੇਸ਼ ਪ੍ਰਸ਼ਾਸਨਕ ਕਾਰਜਵਾਹੀਆਂ ਦੀ ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਯਕੀਨੀ ਬਣਾਉਣਾ ਸੀ, ਤਾਂ ਜੋ ਲੋਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਮੌਕੇ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ,ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ,ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ, ਐਸ.ਡੀ.ਐਮ. ਸੁਰਿੰਦਰ ਕੌਰ ਤੋਂ ਇਲਾਵਾ ਵੱਖ ਵੱਖ ਵਿਭਾਗੀ ਬ੍ਰਾਂਚ ਦੇ ਕਰਮਚਾਰੀ ਮੌਜੂਦ ਸਨ। ਇਸ ਦੌਰਾਨ ਪੰਜਾਬ ਪੁਲਿਸ ਦੀ ਟੁਕੜੀ ਨੇ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਨੂੰ ਜਿਲੇ ਵਿੱਚ ਪੁਜਣ ਤੇ ਸਲਾਮੀ ਦਿੱਤੀ। ਪੜਤਾਲ ਦੌਰਾਨ, ਕਮਿਸ਼ਨਰ ਮਾਂਗਟ ਦੀ ਅਗਵਾਈ ਹੇਠ ਉਨ੍ਹਾਂ ਦੀ ਸਮੁੱਚੀ ਟੀਮ ਵਲੋਂ ਦਫ਼ਤਰੀ ਰਿਕਾਰਡਾਂ ਦੀ ਸੰਭਾਲ, ਫਾਈਲਾਂ ਦੀ ਰੱਖ-ਰਖਾਵ ਅਤੇ ਕਾਰਜਵਾਹੀ ਦੀ ਸਹੀ ਤਰੀਕੇ ਨਾਲ ਪਾਲਣਾ ਤੇ ਖਾਸ ਧਿਆਨ ਦਿੱਤਾ। ਉਨ੍ਹਾਂ ਨੇ ਦਫ਼ਤਰੀ ਸਟਾਫ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਕੰਮ ਦੀ ਸਮੀਖਿਆ ਕੀਤੀ ਅਤੇ ਜਿੰਮੇਵਾਰੀਆਂ ਦੀ ਪੂਰੀ ਨਿਭਾਈ ਲਈ ਉਨ੍ਹਾਂ ਦੀ ਪ੍ਰਸ਼ੰਸਾ ਕੀਤੀ।



ਇਸ ਮੌਕੇ ਤੇ, ਮੰਡਲ ਕਮਿਸ਼ਨਰ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਰਿਕਾਰਡ ਦੀ ਸਹੀ ਸੰਭਾਲ ਅਤੇ ਪਾਰਦਰਸ਼ਤਾ ਲੋਕਤੰਤਰ ਦੀ ਮਜ਼ਬੂਤੀ ਲਈ ਅਤਿਅੰਤ ਜ਼ਰੂਰੀ ਹੈ। ਉਨ੍ਹਾਂ ਨੇ ਦਫ਼ਤਰ ਦੇ ਕੰਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਪੜਤਾਲਾਂ ਨਾਲ ਪ੍ਰਸ਼ਾਸਨਕ ਕਾਰਜਵਾਹੀਆਂ ਵਿੱਚ ਨਿਰੰਤਰ ਸੁਧਾਰ ਆਉਂਦੇ ਹਨ ਅਤੇ ਲੋਕਾਂ ਦਾ ਵਿਸ਼ਵਾਸ ਵਧਦਾ ਹੈ।

ਕਮਿਸ਼ਨਰ ਮਾਂਗਟ ਨੇ ਦਫ਼ਤਰੀ ਸਟਾਫ ਨੂੰ ਨਿਰੰਤਰ ਮਿਹਨਤ ਅਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਆਗਾਮੀ ਚੁਣੌਤੀਆਂ ਲਈ ਤਿਆਰ ਰਹਿਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਕਿਹਾ ਕਿ ਪ੍ਰਸ਼ਾਸਨਕ ਸੁਧਾਰਾਂ ਨਾਲ ਹੀ ਸਮਾਜਿਕ ਵਿਕਾਸ ਸੰਭਵ ਹੈ ਅਤੇ ਇਸ ਲਈ ਸਾਰੇ ਅਧਿਕਾਰੀਆਂ ਨੂੰ ਆਪਣੀਆਂ ਜਿੰਮੇਵਾਰੀਆਂ ਨੂੰ ਨਿਭਾਉਣ ਵਿੱਚ ਪੂਰੀ ਨਿਸ਼ਠਾ ਦਿਖਾਉਣੀ ਚਾਹੀਦੀ ਹੈ। ਇਸ ਪੜਤਾਲ ਨਾਲ ਦਫ਼ਤਰੀ ਕੰਮਕਾਜ ਵਿੱਚ ਹੋਰ ਸੁਧਾਰ ਦੀ ਉਮੀਦ ਹੈ, ਜਿਸ ਨਾਲ ਮਾਲੇਰਕੋਟਲਾ ਖੇਤਰ ਦੇ ਨਾਗਰਿਕਾਂ ਨੂੰ ਬਿਹਤਰ ਸੇਵਾਵਾਂ ਮਿਲਣਗੀਆਂ ਅਤੇ ਪ੍ਰਸ਼ਾਸਨ ਤੇ ਉਨ੍ਹਾਂ ਦਾ ਵਿਸ਼ਵਾਸ ਹੋਰ ਮਜ਼ਬੂਤ ਹੋਵੇਗਾ।

# ਦਰਵੇਸ਼ ਪਿੰਡ ਵਿਖੇ 9 ਮਾਰਚ ਨੂੰ ਸ਼ਾਨੋ-ਸ਼ੌਕਤ ਨਾਲ ਕਰਵਾਇਆ ਜਾਵੇਗਾ ਚੌਥਾ ਕਬੱਡੀ ਕੱਪ - ਦਲਜੀਤ ਸਿੰਘ ਰਾਜੂ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਦਰਵੇਸ਼ ਪਿੰਡ ਤਹਿਸੀਲ ਫਗਵਾੜਾ ਵਲੋਂ ਚੌਥਾ ਕਬੱਡੀ ਕੱਪ ਐਤਵਾਰ 9 ਮਾਰਚ ਨੂੰ ਐਨ.ਆਰ.ਆਈ. ਵੀਰਾਂ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦੇ ਹੋਏ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਨੇ ਦੱਸਿਆ ਕਿ ਕਬੱਡੀ ਕੱਪ ਵਿਚ ਓਪਨ 75 ਕਿੱਲੋ ਭਾਰ ਵਰਗ ਪਿੰਡ ਪੱਧਰ ਦੀਆਂ ਅੱਠ ਟੀਮਾਂ ਜਦਕਿ 62 ਕਿਲੋ ਅਤੇ 42 ਕਿਲੋ ਭਾਰ ਵਰਗ ਦੀਆਂ ਚਾਰ-ਚਾਰ ਟੀਮਾਂ ਹਿੱਸਾ ਲੈਣਗੀਆਂ। ਜੇਤੂ ਟੀਮਾਂ ਨੂੰ ਨਗਦ ਇਨਾਮ ਨਾਲ ਨਵਾਜਿਆ ਜਾਵੇਗਾ। ਉਹਨਾਂ ਦੱਸਿਆ ਕਿ ਸਮਾਗਮ ਦੌਰਾਨ ਬਤੌਰ ਮੁੱਖ ਮਹਿਮਾਨ ਹਲਕਾ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਸ਼ਾਮਲ ਹੋਣਗੇ ਜਦਕਿ ਵਿਸ਼ੇਸ਼ ਮਹਿਮਾਨਾਂ ਵ ਜ ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ, ਸਪੋਕਸਪਰਸਨ ਪੰਜਾਬ ਹਰਨੂਰ ਸਿੰਘ ਹਰਜੀ ਮਾਨ, ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ ਅਤੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਹਾਜਰੀ ਲਗਵਾਉਣਗੇ। ਕੁੜੀਆਂ ਦੀ ਕਬੱਡੀ ਦਾ ਸ਼ੋਅ ਮੈਚ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇਗਾ। ਉਹਨਾਂ ਸਮੂਹ ਖੇਡ ਪ੍ਰੇਮੀਆਂ ਨੂੰ ਇਸ ਕਬੱਡੀ ਕੱਪ ਵਿਚ ਹਾਜਰੀ ਲਗਵਾ ਕੇ ਟੀਮਾਂ ਦੀ ਹੌਸਲਾ ਅਫਜਾਈ ਕਰਨ ਦਾ ਖੁੱਲ੍ਹਾ ਸੱਦਾ ਵੀ ਦਿੱਤਾ ਹੈ

# ਸਲਾਨਾ ਜੋੜ ਮੇਲਾ ਅਤੇ ਭੰਡਾਰਾ 13,14,15 ਮਾਰਚ ਨੂੰ ਪਿੰਡ ਪੁਨੂੰ ਮਜਾਰਾ ਵਿਖੇ

ਫਗਵਾੜਾ/ਨਵਾਂਸ਼ਹਿਰ (ਸੁਸ਼ੀਲ ਸ਼ਰਮਾ) ਪਿਆਰੀ ਸਾਧ ਸੰਗਤ ਜੀਓ, ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਧੰਨ ਧੰਨ ਭਗਤ ਬੁਝਾ ਸਿੰਘ ਜੀ, ਭਗਤ ਜਵਾਲਾ ਸਿੰਘ ਜੀ, ਭਗਤ ਭੁੱਮਣ ਰਾਮ ਜੀ ਦੀ ਰਹਿਨੁਮਾਈ ਹੇਠ ਸਰਬ ਸਾਂਝਾ ਦਰਬਾਰ ਧੰਨ-ਧੰਨ ਸਿੱਧ ਸ਼੍ਰੀ ਬਾਬਾ ਬਾਲਕ ਨਾਥ ਜੀ ਅਤੇ ਧੰਨ-ਧੰਨ ਬਾਬਾ ਸਾਈਂ ਲੋਕ ਜੀ (ਨਾਗਾਂ ਦੀ ਬਰਮੀ) ਦੇ ਪਵਿੱਤਰ ਅਸਥਾਨ ਤੇ ਜੋੜ ਮੇਲਾ ਅਤੇ ਭੰਡਾਰਾ ਇਸ ਸਾਲ ਵੀ ਸੂਦ ਪਰਿਵਾਰ ਅਤੇ ਸਭ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਪੁਨੂੰ ਮਜਾਰਾ, ਜ਼ਿਲ੍ਹਾ ਸ਼.ਭ.ਸ. ਨਗਰ ਵਿਖੇ ਬੜੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਆਪ ਸਭ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਮੇਲੇ ਵਿੱਚ ਪਹੁੰਚ ਕੇ ਬਾਬਾ ਜੀ ਅਤੇ ਵੱਖ-ਵੱਖ ਸੂਫੀਆਨਾ ਡੇਰਿਆਂ ਤੋਂ ਆਏ ਸੰਤਾਂ, ਮਹਾਂਪੁਰਸ਼ਾਂ ਦਾ ਆਸ਼ੀਰਵਾਦ ਪ੍ਰਾਪਤ ਕਰੋ ਜੀ।

ਪ੍ਰੋਗਰਾਮ ਦਾ ਵੇਰਵਾ ਇਸ ਪ੍ਰਕਾਰ ਹੈ ਕਿ ਮਿਤੀ 13 ਮਾਰਚ 2025 ਦਿਨ ਵੀਰਵਾਰ ਨੂੰ ਖਵਾਜਾ ਸਾਹਿਬ ਦੀ ਬੇੜਾ ਤਾਰਨ ਦੀ ਰਸਮ ਦੁਪਹਿਰ 12 ਵਜੇ ਤੋਂ ਬਾਅਦ ਹੋਵੇਗੀ। ਮਿਤੀ 14 ਮਾਰਚ 2025




ਦਿਨ ਸ਼ੁੱਕਰਵਾਰ ਨੂੰ ਚਿਰਾਗ ਅਤੇ ਝੰਡੇ ਦੀ ਰਸਮ ਸ਼ਾਮ 4 ਵਜੇ ਹੋਵੇਗੀ ਅਤੇ ਮਹਿੰਦੀ ਦੀ ਰਸਮ ਸ਼ਾਮ 6 ਵਜੇ ਅਤੇ ਰਾਤ 7 ਵਜੇ ਮਹੰਤਾਂ ਦੀ ਚੌਂਕੀ (ਸੁਨੈਨਾ ਮਹੰਤ ਬੰਗਿਆਂ ਵਾਲੇ) ਹੋਵੇਗੀ।ਚਾਹ ਦਾ ਲੰਗਰ ਅਤੁੱਟ ਵਰਤੇਗਾ। ਮਿਤੀ 15 ਮਾਰਚ 2025 ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਚਾਹ ਪਕੌੜੇ ਦਾ ਲੰਗਰ ਅਤੁੱਟ ਵਰਤੇਗਾ। ਦੁਪਹਿਰ 12 ਵਜੇ ਤੋਂ 3 ਵਜੇ ਤੱਕ ਬਲਜਿੰਦਰ ਬੈਂਸ ਐਂਡ ਕੋਮਲ ਬੈਂਸ ਨਵਾਂਸ਼ਹਿਰ ਵਾਲੇ ਬਾਬਾ ਜੀ ਦੇ ਗੁਣਗਾਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।ਬਾਬਾ ਜੀ ਦਾ ਭੰਡਾਰਾ ਸ਼ਾਮ 4 ਵਜੇ ਤੋਂ ਦੇਰ ਰਾਤ ਬਾਬਾ ਜੀ ਦੀ ਇੱਛਾ ਅਨੁਸਾਰ ਵਰਤੇਗਾ। ਮੇਲੇ ਦਾ ਸਿੱਧਾ ਪ੍ਰਸਾਰਨ ਸੂਦ ਅਤੇ ਬੈਂਸ ਫੋਟੋਗ੍ਰਾਫੀ ਵੱਲੋਂ BspunjabGtv ਤੇ ਕੀਤਾ ਜਾ ਰਿਹਾ ਹੈ। ਸੰਗਤਾਂ ਦੀ ਉਡੀਕ ਵਿੱਚ ਦਰਬਾਰ ਦਾ ਸੇਵਾਦਾਰ ਰਾਮ ਸਰੂਪ ਸੂਦ (ਰੂਪੀ ਭਗਤ) ਵਿਸ਼ੇਸ਼ ਸਹਿਯੋਗ ਸੂਦ ਪਰਿਵਾਰ,ਸਮੂਹ ਨਗਰ ਨਿਵਾਸੀ, ਐਨ.ਆਰ. ਆਈ ਵੀਰ ਅਤੇ ਗ੍ਰਾਮ ਪੰਚਾਇਤ ਪੁਨੂੰ ਮਜਾਰਾ, ਜ਼ਿਲ੍ਹਾ ਸ਼.ਭ.ਸ. ਨਗਰ ਮੋਬਾ 95926-52111

# ਵਿਧਾਇਕ ਧਾਲੀਵਾਲ ਦੀ ਅਗਵਾਈ ਹੇਠ ਏਡੀਸੀ ਅਕਸ਼ਿਤਾ ਗੁਪਤਾ ਨੂੰ ਮਿਲਿਆ ਕਾਂਗਰਸ ਦਾ ਵਫ਼ਦ

ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੇ ਕਾਂਗਰਸੀ ਕੌਂਸਲਰਾਂ ਅਤੇ ਆਗੂਆਂ ਦੇ ਇੱਕ ਵਫ਼ਦ ਨੇ ਅੱਜ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਨਵ-ਨਿਯੁਕਤ ਏਡੀਸੀ ਕਮ ਕਾਰਪੋਰੇਸ਼ਨ ਕਮਿਸ਼ਨਰ ਅਕਸ਼ਿਤਾ ਗੁਪਤਾ (ਆਈਏਐਸ) ਨਾਲ ਮੁਲਾਕਾਤ ਕੀਤੀ। ਵਿਧਾਇਕ ਧਾਲੀਵਾਲ ਨੇ ਫਗਵਾੜਾ ਵਿੱਚ ਏਡੀਸੀ ਗੁਪਤਾ ਦੀ ਨਿਯੁਕਤੀ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸ਼ਹਿਰ ਦੀਆਂ ਪ੍ਰਮੁੱਖ ਸਮੱਸਿਆਵਾਂ ਤੋਂ ਜਾਣੂ ਕਰਵਾਇਆ। ਧਾਲੀਵਾਲ ਨੇ ਉਨ੍ਹਾਂ ਨੂੰ ਦੱਸਿਆ ਕਿ ਫਗਵਾੜਾ ਵਿੱਚ ਵਰਿਹਰ ਨਗਰ ਤੋਂ ਹੁਸ਼ਿਆਰਪੁਰ ਰੋਡ ਤੱਕ ਜੋ ਅੰਡਰ ਗਰਾਊਂਡ ਨਾਲਾ ਹੈ, ਉਸਦੀ ਸਫਾਈ ਲੰਬੇ ਸਮੇਂ ਤੋਂ ਨਹੀਂ ਕੀਤੀ ਗਈ ਹੈ। ਜਿਸ ਕਾਰਨ ਸ਼ਹਿਰ ਦੇ ਵੱਡੇ ਇਲਾਕੇ ਵਿੱਚ ਸੀਵਰੇਜ ਦੇ ਪਾਣੀ ਦੀ ਨਿਕਾਸੀ ਦੀ ਵੱਡੀ ਸਮੱਸਿਆ ਹੈ। ਇਸ ਤੋਂ ਇਲਾਵਾ ਰਿਹਾਇਸ਼ੀ ਇਲਾਕਿਆਂ ਵਿੱਚ ਲੱਗੇ ਅਸਥਾਈ ਕੂੜੇ ਦੇ ਡੰਪ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਦੇ ਹਨ ਅਤੇ ਸ਼ਹਿਰ ਦੀ ਸੁੰਦਰਤਾ ਨੂੰ ਵਿਗਾੜਦੇ ਹਨ। ਇਹਨਾਂ ਡੰਪਾਂ 'ਚ ਪੈਦਾ ਹੋਣ ਵਾਲੇ ਮੱਖੀ-ਮੱਛਰ ਲੋਕਾਂ ਦੀ ਸਿਹਤ ਲਈ ਖ਼ਤਰਾ ਹਨ। ਉਨ੍ਹਾਂ ਏਡੀਸੀ ਦਾ ਧਿਆਨ ਬੇਸਹਾਰਾ ਪਸ਼ੂਆਂ ਅਤੇ ਆਵਾਰਾ ਕੁੱਤਿਆਂ ਵੱਲ ਵੀ ਦੁਵਾਇਆ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਕਾਂਗਰਸ ਪਾਰਟੀ ਸ਼ਹਿਰ ਦੀ ਸਫ਼ਾਈ ਅਤੇ ਵਿਕਾਸ ਵਿੱਚ ਨਿਗਮ ਨੂੰ ਪੂਰਾ ਸਹਿਯੋਗ ਦੇਵੇਗੀ। ਏਡੀਸੀ ਅਕਸ਼ਿਤਾ ਗੁਪਤਾ ਨੇ ਵਿਧਾਇਕ ਧਾਲੀਵਾਲ ਅਤੇ ਕਾਂਗਰਸੀ ਕੌਂਸਲਰਾਂ ਅਤੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਸ਼ਹਿਰ ਦੇ ਹਰ ਵਾਰਡ ਨਾਲ ਸਬੰਧਤ ਸਾਰੀਆਂ ਸਮੱਸਿਆਵਾਂ ਦਾ ਢੁਕਵਾਂ ਹੱਲ ਕਰਵਾਉਣਾ ਉਨ੍ਹਾਂ ਦੀ ਤਰਜੀਹ ਹੋਵੇਗੀ। ਇਸ ਮੌਕੇ ਡੈਲੀਗੇਟ ਮੈਂਬਰ ਪੰਜਾਬ ਗੁਰਜੀਤ ਪਾਲ ਵਾਲੀਆ, ਕੌਂਸਲਰ ਸੰਜੀਵ ਬੁੱਗਾ, ਸੁਸ਼ੀਲ ਮੈਣੀ, ਸੀਤਾ ਦੇਵੀ, ਜਤਿੰਦਰ ਵਰਮਾਨੀ, ਮਨੀਸ਼ ਪ੍ਰਭਾਕਰ, ਤਰਨਜੀਤ ਸਿੰਘ ਬੰਟੀ ਵਾਲੀਆ, ਪਿੰਕੀ ਭਾਟੀਆ, ਪਰਮਜੀਤ ਕੌਰ ਵਾਲੀਆ, ਨੀਰਜ ਸ਼ਰਮਾ, ਦੀਪ ਮਾਲਾ, ਪਰਵਿੰਦਰ ਕੌਰ ਰਘਬੋਤਰਾ, ਦਰਸ਼ਨ ਕਟਾਰੀਆ, ਗੁਰਪ੍ਰੀਤ ਕੌਰ, ਨਰੇਸ਼ ਗੰਗੜ, ਵੀਨਾ ਰਾਣੀ, ਸੋਨੀਆ ਜੋਸ਼ੀ, ਰੀਨਾ ਰਾਣੀ ਸ਼ਰਮਾ, ਬਲਵੰਤ ਰਾਏ ਕੋਟਰਾਣੀ, ਸੌਰਵ ਜੋਸ਼ੀ, ਮੋਨਿਕਾ ਚੱਢਾ, ਸੈਂਡੀ ਚੱਢਾ, ਬਿਕਰਮ ਸਿੰਘ, ਰੀਨਾ ਕੁਮਾਰੀ ਤੋਂ ਇਲਾਵਾ ਸੰਜੀਵ ਟੀਟੂ, ਪ੍ਰਮੋਦ ਜੋਸ਼ੀ, ਧੀਰਜ ਘਈ, ਮੁਕੇਸ਼ ਭਾਟੀਆ ਆਦਿ ਮੌਜੂਦ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਰਬ ਨੌਜਵਾਨ ਸਭਾ ਨੇ ਮਨਾਇਆ ਅੰਤਰਰਾਸ਼ਟਰੀ ਮਹਿਲਾ ਦਿਵਸ



ਫਗਵਾੜਾ, ( ਸੁਸ਼ੀਲ ਸ਼ਰਮਾ ) ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ ਵਿਚ ਇਕ ਪ੍ਰਭਾਵਸ਼ਾਲੀ ਸਮਾਗਮ ਹੋਟਲ ਹੇਅਰ ਪੈਲੇਸ ਫਗਵਾੜਾ ਵਿਖੇ ਕਰਵਾਇਆ ਗਿਆ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ ਪਦਮਸ਼੍ਰੀ ਮੈਂਬਰ ਪਾਰਲੀਮੈਂਟ ਸੰਤ ਬਲਬੀਰ ਸਿੰਘ ਸੀਚੇਵਾਲ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ ਜਦਕਿ ਸਮਾਗਮ ਦੀ ਪ੍ਰਧਾਨਗੀ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਨੇ ਕੀਤੀ। ਗੈਸਟ ਆਫ ਆਨਰ ਵੱਜੋਂ ਅਕਸ਼ਿਤਾ ਗੁਪਤਾ (ਆਈ.ਏ.ਐੱਸ) ਏ.ਡੀ.ਸੀ-ਕਮ-ਨਿਗਮ ਕਮਿਸ਼ਨਰ ਫਗਵਾੜਾ ਸਨ। ਜਦਕਿ ਮੇਅਰ ਰਾਮ ਪਾਲ ਉੱਪਲ, ਤਵਿੰਦਰ ਰਾਮ ਚੇਅਰਮੈਨ ਮਾਰਕਿਟ ਕਮੇਟੀ ਫਗਵਾੜਾ, ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ, ਅਸ਼ੋਕ ਕੁਲਥਮ ਪ੍ਰਧਾਨ ਕਲਾਥ ਮਰਚੈਂਟਸ ਐਸੋਸੀਏਸ਼ਨ, ਸੰਤੋਸ਼ ਕੁਮਾਰ ਗੋਗੀ ਜਿਲਾ ਪ੍ਰਧਾਨ ਆਮ ਆਦਮੀ ਪਾਰਟੀ ਐਸ.ਸੀ ਵਿੰਗ ਕਪੂਰਥਲਾ ਅਤੇ ਸੁਖਦੀਪ ਸਿੰਘ ਅਪਰਾ ਚੇਅਰਮੈਨ ਮਾਰਕਿਟ ਕਮੇਟੀ ਫਿਲੌਰ ਨੇ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਵਿਚ ਸਫਲਤਾ ਹਾਸਲ ਕਰਨ ਵਾਲੀਆਂ ਔਰਤਾਂ ਨੂੰ ਸਨਮਾਨਤ ਕੀਤਾ ਗਿਆ। ਜਿਹਨਾਂ ਵਿਚ ਪ੍ਰਿੰ. ਇੰਦਰਜੀਤ ਕੌਰ ਮੇਅਰ ਲੁਧਿਆਣਾ ਨੂੰ ਸਮਾਜ ਸੇਵਾ, ਰਾਜਵਿੰਦਰਜੀਤ ਕੌਰ ਸੀ.ਡੀ.ਪੀ.ਓ. ਨੂੰ ਚੰਗੇਰੀਆਂ ਸੇਵਾਵਾਂ, ਇੰਸਪੈਕਟਰ ਮੀਨਾ ਕੇ. ਪਵਾਰ ਗੋਲਡ ਮੈਡਲਿਸਟ ਵੇਟ ਲਿਫਟਰ ਨੂੰ ਉੱਤਮ ਖਿਡਾਰੀ, ਮਨਧੀਰ ਕੌਰ ਮਨੂੰ ਪ੍ਰਬੰਧਕ ਆਪਣਾ ਰੇਡੀਓ/ਟੀਵੀ ਵਿੰਨੀਪੈੱਗ ਕੈਨੇਡਾ ਨੂੰ ਪੱਤਰਕਾਰਤਾ, ਪਰਵਿੰਦਰ ਕੌਰ ਬੰਗਾ ਪ੍ਰਧਾਨ ਐਨ.ਆਰ.ਆਈ. ਸਭਾ ਨੂੰ ਸਮਾਜ ਸੇਵਾ ਅਤੇ ਬੇਬੀ ਸੀਰਤ ਗੋਲਡ ਮੈਡਲਿਸਟ ਕੋਬਰਾ ਕਰਾਟੇ ਨੂੰ ਉੱਭਰਦੀ ਬਾਲ ਖਿਡਾਰਣ ਵਜੋਂ ਸਨਮਾਨ ਪੱਤਰ ਦੇ ਨਾਲ ਮੋਮੈਂਟੋ ਅਤੇ ਸ਼ਾਲ ਭੇਂਟ ਕੀਤੇ ਗਏ। ਮੁੱਖ ਮਹਿਮਾਨ ਸੰਤ ਸੀਚੇਵਾਲ ਮੈਂਬਰ ਰਾਜ ਸਭਾ ਨੇ ਸਨਮਾਨਤ ਸ਼ਖਸੀਅਤਾਂ ਅਤੇ ਸਮੂਹ ਔਰਤਾਂ ਨੂੰ ਮਹਿਲਾ ਦਿਵਸ ਦੀਆਂ ਸ਼ੁੱਭ ਇੱਛਾਵਾਂ ਦਿੰਦਿਆਂ ਕਿਹਾ ਕਿ ਔਰਤ ਦਾ ਦਰਜਾ ਕਿਸੇ ਤਰ੍ਹਾਂ ਵੀ ਮਰਦ ਤੋਂ ਨੀਵਾਂ ਨਹੀਂ ਹੈ, ਸਗੋਂ ਗੁਰਮਤ ਵਿੱਚ ਵੀ ਔਰਤ, ਮਰਦ ਦੇ ਬਰਾਬਰ ਦੇ ਹੱਕ ਰੱਖਦੀ ਹੈ ਅਤੇ ਭਾਰਤੀ ਸੰਵਿਧਾਨ ਵੀ ਔਰਤ ਮਰਦ ਦੇ ਬਰਾਬਰ ਦੇ ਹੱਕਾਂ ਦੀ ਗੱਲ ਕਰਦਾ ਹੈ। ਉਹਨਾ ਕਿਹਾ ਕਿ ਮਹਿਲਾ ਦਿਵਸ ਦੇ ਮੌਕੇ ਵੱਖੋ-ਵੱਖਰੇ ਖੇਤਰਾਂ 'ਚ ਵੱਡੀਆਂ ਪ੍ਰਾਪਤੀਆਂ ਕਰਨ ਵਾਲੀਆਂ ਔਰਤਾਂ ਨੂੰ ਸਨਮਾਨਤ ਕਰਕੇ ਹੌਸਲਾ ਅਫਜਾਈ ਕਰਨਾ ਉੱਤਮ ਕਾਰਜ ਹੈ। ਉਹਨਾ ਸਰਬ ਨੌਜਵਾਨ ਸਭਾ ਦੇ ਇਸ ਵਿਲੱਖਣ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਹਰਚੰਦ ਸਿੰਘ ਬਰਸਟ ਚੇਅਰਮੈਨ ਮੰਡੀ ਬੋਰਡ ਨੇ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੀ ਭਲਾਈ ਲਈ ਯਤਨਸ਼ੀਲ ਹੈ ਅਤੇ ਮਹਿਲਾ ਭਲਾਈ ਲਈ ਯੋਜਨਾਵਾਂ ਵੱਲ ਪੂਰਾ ਧਿਆਨ ਦਿੱਤਾ ਜਾ ਰਿਹਾ ਹੈ। ਉਹਨਾ ਕਿਹਾ ਕਿ ਸਮਾਜ ਵਿੱਚ ਔਰਤਾਂ ਨੂੰ ਬਰਾਬਰ ਦੇ ਹੱਕ ਹੋਣ ਤੋਂ ਬਿਨ੍ਹਾਂ ਸਮਾਜ ਤਰੱਕੀ ਨਹੀਂ ਕਰ ਸਕਦਾ। ਸਨਮਾਨਤ ਸਖ਼ਸ਼ੀਅਤਾਂ 'ਚ ਸਭ ਤੋਂ ਘੱਟ ਉਮਰ ਦੀ ਅਤੇ ਲੁਧਿਆਣੇ ਦੀ ਪਹਿਲੀ ਮਹਿਲਾ ਮੇਅਰ ਇੰਦਰਜੀਤ ਕੌਰ ਨੇ ਲੜਕੀਆਂ ਨੂੰ ਹਰ ਖੇਤਰ 'ਚ ਅੱਗੇ ਵੱਧਣ ਦੀ ਪ੍ਰੇਰਣਾ ਦਿੱਤੀ। ਉਹਨਾ ਕਿਹਾ ਕਿ ਮਿਹਨਤ ਕੀਤਿਆਂ ਹੀ ਫਲ ਦੀ ਪ੍ਰਾਪਤੀ ਹੋ ਸਕਦੀ ਹੈ ਅਤੇ ਲੜਕੀਆਂ ਨੂੰ ਆਰਥਿਕ ਤੌਰ 'ਤੇ ਮਜਬੂਤ ਹੋਣ ਲਈ ਚੰਗੀ ਪੜ੍ਹਾਈ ਤੇ ਹੱਥੀਂ ਕਿੱਤਾ ਸਿੱਖਣ ਦੀ ਲੋੜ ਹੈ। ਏ.ਡੀ.ਸੀ ਅਕਸ਼ਿਤਾ ਗੁਪਤਾ ਨੇ ਕਿਹਾ ਕਿ ਅਜੋਕੇ ਸਮੇਂ 'ਚ ਲੜਕੀਆਂ, ਚੰਗੀ ਪੜ੍ਹਾਈ ਕਰਕੇ, ਨੌਕਰੀਆਂ ਕਰ ਰਹੀਆਂ ਹਨ ਅਤੇ ਸਮਾਜ ਉਹਨਾ ਨੂੰ ਬਰਾਬਰ ਦੇ ਮੌਕੇ ਪ੍ਰਦਾਨ ਕਰ ਰਿਹਾ ਹੈ। ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਉਣ ਦੇ ਪਿਛੋਕੜ ਦੀ ਜਾਣਕਾਰੀ ਦਿੱਤੀ ਅਤੇ ਭਾਰਤੀ ਔਰਤਾਂ ਨੂੰ ਸਮਾਜ ਵਿੱਚ ਬਣਦਾ ਥਾਂ ਦੇਣ ਦੀ ਵਕਾਲਤ ਕੀਤੀ। ਅਖੀਰ ਵਿਚ ਪ੍ਰਧਾਨ ਸੁਖਵਿੰਦਰ ਸਿੰਘ ਨੇ ਮੁੱਖ ਮਹਿਮਾਨ ਸੰਤ ਬਲਬੀਰ ਸਿੰਘ ਸੀਚੇਵਾਲ, ਹਰਚੰਦ ਸਿੰਘ ਬਰਸਟ, ਅਕਸ਼ਿਤਾ ਗੁਪਤਾ, ਸਮੂਹ ਸਨਮਾਨਤ ਸਖ਼ਸ਼ੀਅਤਾਂ ਅਤੇ ਪਤਵੰਤਿਆਂ ਦਾ ਪਹੁੰਚਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਮੁੱਖ ਮਹਿਮਾਨਾਂ ਨੂੰ ਵੀ ਸਭਾ ਵਲੋਂ ਯਾਦਗਾਰੀ ਚਿੰਨ੍ਹ ਭੇਂਟ ਕੀਤੇ ਗਏ। ਸਟੇਜ ਦੀ ਸੇਵਾ ਲੈਕਚਰਾਰ ਹਰਜਿੰਦਰ ਗੋਗਨਾ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਐਨ.ਆਰ.ਆਈ. ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸਤਨਾਮ ਚਾਨਾ, ਤੇਜਪਾਲ ਬਸਰਾ ਸੀਨੀਅਰ ਡਿਪਟੀ ਮੇਅਰ, ਵਿੱਕੀ ਸੂਦ ਡਿਪਟੀ ਮੇਅਰ, ਅਸ਼ੋਕ ਸੇਠੀ ਫਾਈਨ ਸਵਿੱਚਸ, ਮੁਖਿੰਦਰ ਸਿੰਘ ਸੀਕੋ ਇੰਡਸਟਰੀ, ਰਾਜਕੁਮਾਰ ਮੱਟੂ ਸਮਾਜ ਸੇਵਕ, ਕਸ਼ਮੀਰ ਸਿੰਘ ਮੱਲੀ ਐਡਵੋਕੇਟ, ਦਲਬੀਰ ਸਿੰਘ ਸਕੱਤਰ ਮਾਰਕਿਟ ਕਮੇਟੀ ਫਗਵਾੜਾ, ਜਗਜੀਵਨ ਸਿੰਘ, ਨਿਖਲ ਸ਼ਰਮਾ ਮਾਰਕਿਟ ਕਮੇਟੀ, ਰਸ਼ਪਾਲ ਰਾਏ ਗੁਪਤਾ, ਪ੍ਰਿੱਤਪਾਲ ਕੌਰ ਤੁੱਲੀ ਐਮ.ਸੀ., ਸੁਸ਼ੀਲ ਮੈਣੀ ਐਮ.ਸੀ., ਜਸਦੇਵ ਸਿੰਘ ਐਮ.ਸੀ., ਅੰਕੁਸ਼ ਓਹਰੀ, ਐਡਵੋਕੇਟ ਐਸ.ਐਲ. ਵਿਰਦੀ, ਗਿਆਨ ਸਿੰਘ ਸੇਵਾਮੁਕਤ ਡੀ.ਪੀ.ਆਰ.ਓ., ਮਨੋਜ ਫਗਵਾੜਵੀ ਕਵੀ, ਹਰਚਰਨ ਭਾਰਤੀ ਕਵੀ, ਵਿੱਕੀ ਸਿੰਘ, ਡਾ. ਗੁਰਦੀਪ ਸਿੰਘ ਬਲਾਕ ਪ੍ਰਧਾਨ, ਰਘਬੀਰ ਕੌਰ ਸਮਾਜ ਸੇਵਿਕਾ, ਰਮਨ ਨਹਿਰਾ ਪ੍ਰਧਾਨ ਖ਼ਤਰੀ ਸਭਾ, ਗੁਰਦੀਪ ਕੰਗ ਐਂਟੀ ਕੁਰੱਪਸ਼ਨ, ਵਿਜੈ ਬੰਗਾ, ਕਾਸ਼ਿਫ਼ ਰਹਿਮਾਨ, ਡਾ. ਬੀਰ ਸਿੰਘ ਬਸਰਾ, ਰਮੇਸ਼ ਕੋਹਲੀ ਰਿਟਾ. ਹੈੱਡਮਾਸਟਰ, ਸਰਬਜੀਤ ਸਿੰਘ ਲੁਬਾਣਾ, ਮੈਡਮ ਪੂਜਾ ਸ਼ਰਮਾ ਕਾਰਪੋਰੇਸ਼ਨ, ਸੁਰਜੀਤ ਸਿੰਘ ਬਾਹੜਾ, ਪੰਕਜ ਚੱਢਾ, ਸੁਧਾ ਬੇਦੀ, ਦੀਪਕ ਗੁਪਤਾ, ਰਕੇਸ਼ ਕੋਛੜ, ਰਵਿੰਦਰ ਸਿੰਘ ਰਾਏ, ਰਾਜਕੁਮਾਰ ਕਨੌਜੀਆ, ਜਗਜੀਤ ਸੇਠ, ਮਦਨ ਲਾਲ ਕੋਰੋਟਾਨੀਆ, ਸਾਹਿਬਜੀਤ ਸਾਬੀ, ਨਰਿੰਦਰ ਸੈਣੀ, ਜਸ਼ਨ ਮਹਿਰਾ, ਆਰ.ਪੀ. ਸ਼ਰਮਾ, ਮਨਦੀਪ ਬਾਸੀ, ਗੁਰਦੀਪ ਸਿੰਘ ਤੁੱਲੀ, ਸਤਨਾਮ ਸਿੰਘ ਰਾਣਾ, ਗੁਰਸ਼ਰਨ ਬਾਸੀ, ਮੈਡਮ ਤਨੂੰ, ਮੈਡਮ ਸਪਨਾ ਸ਼ਾਰਦਾ, ਮੈਡਮ ਆਸ਼ੂ ਬੱਗਾ, ਮੈਡਮ ਗੁਰਜੀਤ ਕੌਰ, ਮੈਡਮ ਨਵਜੋਤ ਕੌਰ, ਬੰਸੋ ਦੇਵੀ, ਅਮਰਿੰਦਰ ਸਿੰਘ ਆਦਿ ਹਾਜ਼ਰ ਸਨ।

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਖੇੜਾ ਰੋਡ ਵਿਖੇ ਕਰਵਾਇਆ 160ਵਾਂ ਮਹੀਨਾਵਾਰ ਸਮਾਗਮ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਖੇੜਾ ਰੋਡ ਫਗਵਾੜਾ ਵਲੋਂ ਸ. ਅਜੀਤ ਸਿੰਘ ਢਿੱਲੋਂ ਦੀ ਯਾਦ ਵਿਚ 160ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਵਾਰਡ ਕੌਂਸਲਰ ਪਰਵਿੰਦਰ ਕੌਰ ਰਘਬੋਤਰਾ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸਮਾਜ ਸੇਵਕ ਬੀ.ਐਮ. ਪੁਰੀ ਮੌਜੂਦ ਰਹੇ। ਉਹਨਾਂ ਨੇ 20 ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਸਮਾਗਮ ਦੇ ਪ੍ਰਬੰਧਕ ਅਤੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ 13/14 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦਾ ਵੱਡਮੁੱਲਾ ਯੋਗਦਾਨ ਮਿਲਦਾ ਹੈ। ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਇਸ ਮੌਕੇ ਬਰਿਜ ਭੂਸ਼ਨ, ਮੋਹਨ ਲਾਲ ਤਨੇਜਾ, ਮਨੀਸ਼ ਕਨੌਜੀਆ, ਸੁਧਾ ਬੇਦੀ, ਐਸ.ਸੀ. ਚਾਵਲਾ, ਰਾਜਕੁਮਾਰ ਕਨੌਜੀਆ, ਰਵੀਕਾਂਤ ਸਹਿਗਲ ਆਦਿ ਹਾਜ਼ਰ ਸਨ।

# ਮਾਂ ਬੋਲੀ ਪੰਜਾਬੀ ਦੀ ਮਿਠਾਸ ਭਰਪੂਰ ਰਿਹਾ ਪੰਜਾਬੀ ਇਕਾਈ ਮਾਨਸਰੋਵਰ ਸਾਹਿਤਕ ਅਕਾਦਮੀ ਵੱਲੋਂ ਕਰਵਾਇਆ ਕਵੀ ਦਰਬਾਰ- ਸੂਦ ਵਿਰਕ




ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਕਰਵਾਇਆ ਲਾਈਵ ਕਵੀ ਦਰਬਾਰ ਮਾਂ ਬੋਲੀ ਪੰਜਾਬੀ ਦੀ ਮਿਠਾਸ ਭਰਪੂਰ ਸ਼ਾਨਦਾਰ ਹੋ ਨਿਬੜਿਆ ਅਤੇ ਸਰੋਤਿਆਂ ਦੇ ਵੱਲੋਂ ਮਿਲਿਆ ਭਰਵਾਂ ਹੁੰਗਾਰਾ। ਲੜੀਵਾਰ ਕਵੀ ਦਰਬਾਰ ਨੂੰ ਅੱਗੇ ਵਧਾਉਂਦੇ ਹੋਏ ਮਾਨਸਰੋਵਰ ਸਾਹਿਤਕ ਅਕਾਦਮੀ ਵੱਲੋਂ ਮਿਤੀ 05 ਮਾਰਚ ਦਿਨ ਬੁੱਧਵਾਰ 2025 ਨੂੰ ਸ਼ਾਮ 5 ਵਜੇ ਲਾਈਵ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਕਵੀ ਡਾ.ਜੇ ਐਸ ਟਿੱਕਾ ਸਿੱਧੂ ਜੀ, ਮਨਪੀਤ ਕੌਰ ਭਾਟੀਆ ਜੀ, ਕਸ਼ਮੀਰ ਸਿੰਘ ਜੀ, ਸੁੱਚਾ ਸਿੰਘ ਲੇਹਲ ਜੀ, ਬਲਜੀਤ ਕੌਰ ਝੂਟੀ ਜੀ ਨੇ ਬਹੁਤ ਹੀ ਪਿਆਰ ਨਾਲ ਹਾਜ਼ਰੀ ਭਰੀ। ਕਵੀ ਦਰਬਾਰ ਦਾ ਆਗਾਜ਼ ਪ੍ਰੋਗਰਾਮ ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਮਾਂ ਬੋਲੀ ਪੰਜਾਬੀ ਦੇ ਮਿਠਾਸ ਭਰਪੂਰ ਬੋਲਾਂ ਦੇ ਨਾਲ ਸ਼ਾਨਦਾਰ ਅੰਦਾਜ਼ ਵਿੱਚ ਪੇਸ਼ ਕਰਕੇ ਕੀਤਾ। ਡਾ.ਜੇ ਐਸ ਟਿੱਕਾ ਸਿੱਧੂ ਜੀ ਨੇ ਆਪਣੀਆਂ ਤਿੰਨ ਬਾ-ਕਮਾਲ ਗ਼ਜ਼ਲਾਂ ਦੇ ਨਾਲ ਹਾਜ਼ਰੀ ਲਗਾਈ ਅਤੇ ਬਲਜੀਤ ਕੌਰ ਝੂਟੀ ਜੀ ਨੇ ਦਿਲ ਨੂੰ ਛੂਹਣ ਵਾਲੀ ਆਪਣੀਆਂ ਦੋ ਕਵਿਤਾਵਾਂ ਪੇਸ਼ ਕੀਤੀਆਂ। ਸੁੱਚਾ ਸਿੰਘ ਲੇਹਲ ਜੀ ਨੇ ਵੀ ਦੋ ਕਵਿਤਾਵਾਂ ਨਾਲ ਖੂਬ ਸਮਾਂ ਬੰਨ੍ਹਿਆ। ਕਸ਼ਮੀਰ ਸਿੰਘ ਜੀ ਨੇ ਵੀ ਦੋ ਕਵਿਤਾਵਾਂ ਦੇ ਨਾਲ ਸਰੋਤਿਆਂ ਤੋਂ ਵਾਹ-ਵਾਹ ਖੱਟੀ। ਮਨਪੀਤ ਕੌਰ ਭਾਟੀਆ ਜੀ ਨੇ ਵੀ ਦੋ ਕਵਿਤਾਵਾਂ ਨਾਲ ਸਰੋਤਿਆਂ ਦਾ ਮਨ ਮੋਹ ਲਿਆ। ਪ੍ਰੋਗਰਾਮ ਦੇ ਪ੍ਰਬੰਧਕ ਅਤੇ ਸਾਹਿਤਕ ਅਕਾਦਮੀ ਦੇ ਸਚਿਵ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਸੰਸਥਾ ਦੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸਾਰੇ ਕਵੀਆਂ ਨੇ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਇਸ ਉਪਰਾਲੇ ਦਾ ਦਿਲੋਂ ਸੁਆਗਤ ਕੀਤਾ। ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਅਖ਼ੀਰ ਵਿੱਚ ਸਭ ਕਲਮਕਾਰਾਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਦੀ ਮਿਠਾਸ ਨਾਲ ਹਰ ਘਰ ਪੰਜਾਬੀਅਤ ਦਾ ਬੂਟਾ ਲਗਾਉਣ ਦਾ ਸੁਨੇਹਾ ਦਿੱਤਾ।

# ਅਡਵਾਈਜ਼ਰ ਆਫ ਸਟੇਟ ਗਵਰਨਮੈਂਟ ਵਲੋ ਵੱਖ ਵੱਖ ਸਿਹਤ ਸੰਸਥਾਵਾਂ ਦਾ ਦੌਰਾ ਕੀਤਾ ਗਿਆ



ਅੰਮ੍ਰਿਤਸਰ,-(ਲੋਕ ਬਾਣੀ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਅਡਵਾਈਜ਼ਰ ਆਫ ਸਟੇਟ ਗਵਰਨਮੈਂਟ ਮਾਨਯੋਗ ਅਨੁਰਾਗ ਕੁੰਡੂ ਜੀ ਵੱਲੋਂ ਵੱਖ-ਵੱਖ ਸਿਹਤ ਸੰਸਥਾਵਾਂ ਦਾ ਦੌਰਾ ਕੀਤਾ ਗਿਆ, ਜਿਸ ਦੌਰਾਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਉਹਨਾਂ ਵੱਲੋਂ ਐਮਰਜੰਸੀ ਵਿਭਾਗ, ਓਪੀਡੀ ਵਿਭਾਗ, ਐਮਸੀਐਚ ਵਿਭਾਗ, ਇੰਡੋਰ ਵਿੱਚ ਦਾਖਲ ਮਰੀਜ਼, ਡਾਇਲਸਿਸ ਯੂਨਿਟ, ਗਾਈਨੀ ਓਪੀਡੀ, ਓਟ ਕਲੀਨਿਕ, ਦਵਾਈਆਂ ਦਾ ਸਟਾਕ ਅਤੇ ਹਸਪਤਾਲ ਦੇ ਸਮੁੱਚੇ ਪ੍ਰਬੰਧ ਸਬੰਧੀ ਜਾਂਚ ਪੜਤਾਲ ਕੀਤੀ ਅਤੇ ਮੌਕੇ ਤੇ ਉਹਨਾਂ ਵਿੱਚ ਹੋਰ ਸੁਧਾਰ ਲਿਆਉਣ ਲਈ ਹਿਦਾਇਤਾਂ ਜਾਰੀ ਕੀਤੀਆਂ। ਇਸ ਉਪਰੰਤ ਉਹਨਾਂ ਵੱਲੋਂ ਇੱਕ ਹੈਲਥ ਐਂਡ ਵੈਲਨੈਸ ਸੈਂਟਰ ਬੋਪਾਰਾਏ ਵਿਖੇ ਚੈਕਿੰਗ ਕੀਤੀ ਗਈ, ਜਿਸ ਦੌਰਾਨ ਉਨਾਂ ਵੱਲੋਂ ਕਮਿਊਨਿਟੀ ਹੈਲਥ ਅਫਸਰ ਦੇ ਕੰਮਾਂ ਦੀ ਜਾਂਚ ਕੀਤੀ ਗਈ ਅਤੇ ਕੰਮ ਵਿੱਚ ਹੋਰ ਸੁਧਾਰ ਕਰਨ ਲਈ ਕਿਹਾ ਗਿਆ। ਇਸ ਉਪਰੰਤ ਉਹਨਾਂ ਵੱਲੋਂ ਆਯੁਸ਼ਮਾਨ ਅਰੋਗਿਯਾ ਕੇਂਦਰ ਚੱਕ-ਮੁਕੰਦ ਵਿਖੇ ਚੈਕਿੰਗ ਕੀਤੀ ਗਈ। ਇਸ ਮੌਕੇ ਤੇ ਅਨੁਰਾਗ ਕੁੰਡੂ ਜੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਮਿਆਰੀ ਸਿਹਤ ਲਈ ਵਚਨਬੱਧ ਹੈ, ਇਸ ਲਈ ਸਿਹਤ ਵਿਭਾਗ ਦੇ ਕੰਮਾਂ ਵਿੱਚ ਹੋਰ ਸੁਧਾਰ ਲਿਆਉਣ ਲਈ ਅਤੇ ਬਿਹਤਰ ਸਿਹਤ ਸੇਵਾਵਾਂ ਮੁਹਈਆ ਕਰਨ ਲਈ ਇਹ ਚੈਕਿੰਗ ਕੀਤੀ ਜਾ ਰਹੀ ਹੈ। ਇਸ ਚੈਕਿੰਗ ਦੌਰਾਨ ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ ਅਤੇ ਸਮੁੱਚੀ ਟੀਮ ਵੀ ਉਹਨਾਂ ਦੇ ਨਾਲ ਮੌਜੂਦ ਸੀ।

# ਨਵੀਆਂ ਵਿਕਸਿਤ ਹੋ ਰਹੀਆਂ ਅਣ-ਅਧਿਕਾਰਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

ਅੰਮ੍ਰਿਤਸਰ (ਲੋਕ ਬਾਣੀ)

ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਡਿਊਟੀ ਮੈਜਿਸਟ੍ਰੇਟ ਜਗਬੀਰ ਸਿੰਘ, ਉਪ-ਮੰਡਲ ਇੰਜੀਨੀਅਰ (ਜਸ), ਏਡੀਏ, ਅੰਮ੍ਰਿਤਸਰ ਅਤੇ ਥਾਣਾ ਕੰਬੋ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਅੰਮ੍ਰਿਤਸਰ-ਰਾਮ ਤੀਰਥ ਰੋਡ ਤੋਂ ਪਿੰਡ ਗੌਂਸਪੁਰ ਅਤੇ ਧੌਲ ਕਲਾਂ ਨੂੰ ਜਾਂਦੀ ਲਿੰਕ ਸੜਕ ਉੱਪਰ ਨਵੀਆਂ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਜ਼ਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਗੌਂਸਾਬਾਦ ਅਤੇ ਧੌਲ ਕਲਾਂ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਕਿ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ।

ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਵਿਭਾਗ ਵੱਲੋਂ ਹੁਣ ਤੱਕ ਕੁੱਲ 15 ਅਣਅਧਿਕਾਰਿਤ ਕਲੋਨੀ ਕੱਟਣ ਵਾਲੇ ਕਲੋਨਾਈਜਰਾਂ ਅਤੇ ਅਣਅਧਿਕਾਰਿਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।



ਜ਼ਿਲ੍ਹਾ ਟਾਊਨ ਪਲੈਨਰ (ਰੈਗੂਲੇਟਰੀ), ਅੰਮ੍ਰਿਤਸਰ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ।

# ਦੀਨਾਨਗਰ ਸ਼ਹਿਰ ਦੀਆਂ ਗਲੀਆਂ ਨਾਲੀਆਂ ਦੀ ਸਫਾਈ ਦਾ ਕੰਮ ਲਗਾਤਾਰ ਜਾਰੀ ਰਹੇਗਾ , ਪ੍ਰਧਾਨ ਨੀਟੂ ਚੋਹਾਨ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਨਗਰ ਕੌਂਸਲ ਦੀਨਾਨਗਰ ਦੇ ਪ੍ਰਧਾਨ ਪਰਮਿੰਦਰ ਸਿੰਘ ਨੀਟੂ ਚੋਹਾਨ ਦੀ ਅਗਵਾਈ ਹੇਠ ਸਾਰੇ ਸ਼ਹਿਰ ਚ ਸਫਾਈ ਨੂੰ ਲੈ ਕੇ ਵੱਡੇ ਪੱਧਰ ਤੇ ਗਲੀਆਂ ਨਾਲੀਆਂ ਨੂੰ ਸਾਫ ਕੀਤਾ ਜਾ ਰਿਹਾ ਹੈ। ਇਸ ਸਫਾਈ ਅਭਿਆਨ ਚ ਮਿਊਂਸੀਪਲ ਕਮੇਟੀ ਦੀਨਾਨਗਰ ਦੇ ਸਫਾਈ ਕਰਮਚਾਰੀਆਂ ਅਤੇ ਮੁਲਾਜ਼ਮਾਂ ਵਲੋਂ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਨਗਰ ਕੌਂਸਲ ਦੇ ਪ੍ਰਧਾਨ ਨੀਟੂ ਚੋਹਾਨ ਨੇ ਦੱਸਿਆ ਕਿ ਤਾਰਾਗੜ੍ਹੀ ਗੇਟ ਚ ਪੈਂਦੀ ਜਵਾਹਰ ਗਲੀ, ਗੁਰੂ ਨਾਨਕ ਗਲੀ, ਸਰਕੂਲਰ ਰੋਡ ਤੇ ਨਾਲੇ , ਭੂਤ ਨਾਥ ਮੰਦਿਰ ਰੋਡ, ਸ਼ਿਵ ਨਗਰ, ਰੇਲਵੇ ਰੋਡ, ਧੰਮੇ ਸ਼ਾਹ ਦੀ ਮੰਡੀ ਵਾਲਾ ਨਾਲਾ, ਦੁਸ਼ਹਿਰਾ ਗਰਾਊਂਡ ਅਤੇ ਮੇਨ ਰੋਡ ਦੀਆਂ ਗਲੀਆਂ ਨਾਲੀਆਂ ਦੀ ਸਫਾਈ ਕੀਤੀ ਗਈ ਹੈ। ਉਨਾਂ ਕਿਹਾ ਕਿ ਆਉਣ ਵਾਲੇ ਸਮੇਂ ਚ ਹਰ ਵਾਰਡ ਵਿਚ ਵੀ ਇਹ ਸਫਾਈ ਅਭਿਆਨ ਜਾਰੀ ਰਹੇਗਾ। ਇਸ ਮੌਕੇ ਤੇ ਇਨਸਪੈਕਟਰ ਹਰਪਾਲ ਸਿੰਘ ਵੀ ਹਾਜ਼ਰ ਸਨ।

# ਕਾਨਪੁਰ ਸੀਪੀ ਅਖਿਲ ਕੁਮਾਰ ਦੀ ਅਗਵਾਈ ਵਿੱਚ ਸ਼ਾਂਤੀਪੂਰਨ ਹੋਲੀ ਅਤੇ ਈਦ ਲਈ ਤਿਆਰ ਹੈ

ਕਾਨਪੁਰ। ( ਸੁਨੀਲ ਬਾਜਪਾਈ) ਪਿਛਲੇ ਹਰ ਤਿਉਹਾਰ ਦੀ ਤਰ੍ਹਾਂ ਇੱਥੇ ਕਮਿਸ਼ਨਰੇਟ ਪੁਲਿਸ ਨੇ ਆਗਾਮੀ ਹੋਲੀ ਅਤੇ ਈਦ ਉਲ ਫਿਤਰ ਨੂੰ ਸੁਰੱਖਿਅਤ ਢੰਗ ਨਾਲ ਮਨਾਉਣ ਲਈ ਪੂਰੀ ਤਿਆਰੀ ਕਰ ਲਈ ਹੈ। ਇਸ ਦੇ ਲਈ ਪੁਲਸ ਫੋਰਸ ਪੂਰੀ ਤਰ੍ਹਾਂ ਚੌਕਸ ਅਤੇ ਚੌਕਸ ਹੈ। ਉਹ ਲਗਾਤਾਰ ਸਾਧਾਰਨ ਸੂਚਨਾਵਾਂ ਤੇ ਤੁਰੰਤ ਜਵਾਬ ਦੇ ਕੇ ਅਤੇ ਅਮਨ-ਕਾਨੂੰਨ ਦੇ ਪੱਖ ਚ ਪ੍ਰਭਾਵਸ਼ਾਲੀ ਕਾਰਵਾਈ ਕਰਕੇ ਅਪਰਾਧੀਆਂ ਵਿਰੁੱਧ ਆਮ ਜਨਤਾ ਦੇ ਸ਼ੁਭਚਿੰਤਕ ਹੋਣ ਦਾ ਸਬੂਤ ਦੇ ਰਿਹਾ ਹੈ।

ਇਸ ਦੌਰਾਨ ਇੱਥੋਂ ਦੀ ਕਮਿਸ਼ਨਰੇਟ ਪੁਲਿਸ ਨੇ ਅਖਿਲ ਕੁਮਾਰ ਦੀ ਅਗਵਾਈ ਵਿੱਚ ਖਾੜਕੂ ਪੁਲਿਸ ਕਮਿਸ਼ਨਰ ਵਜੋਂ ਅਗਾਮੀ ਹੋਲੀ ਅਤੇ ਈਦ ਆਦਿ ਤਿਉਹਾਰਾਂ ਨੂੰ ਸ਼ਾਂਤਮਈ ਅਤੇ ਸਦਭਾਵਨਾ ਨਾਲ ਮਨਾਉਣ ਦੀ ਪੁਰਜ਼ੋਰ ਅਪੀਲ ਕੀਤੀ ਹੈ ਅਤੇ ਇੱਕ ਅਹਿਮ ਸੰਦੇਸ਼ ਦਿੱਤਾ ਹੈ ਕਿ ਜੋ ਕੋਈ ਵੀ ਹੰਗਾਮਾ ਕਰੇਗਾ, ਉਹ ਜ਼ਰੂਰ ਜੇਲ੍ਹ ਜਾਵੇਗਾ। ਜੋ ਵੀ ਤਿਉਹਾਰ ਦੌਰਾਨ ਲੜੇਗਾ ਉਹ ਜ਼ਰੂਰ ਫੜਿਆ ਜਾਵੇਗਾ। ਸਾਰਿਆਂ ਨੂੰ ਸ਼ਾਂਤੀਪੂਰਵਕ ਤਿਉਹਾਰ ਮਨਾਉਣਾ ਚਾਹੀਦਾ ਹੈ, ਜੇਕਰ ਲੜਾਈ ਹੁੰਦੀ ਹੈ ਤਾਂ ਪੁਲਿਸ ਨੂੰ ਬੁਲਾਓ।

ਇਸ ਦੇ ਨਾਲ ਹੀ ਕਮਿਸ਼ਨਰੇਟ ਪੁਲਿਸ ਵੀ ਹਰ ਛੋਟੀ-ਵੱਡੀ ਘਟਨਾ ਬਾਰੇ ਸਹੀ ਖੁਲਾਸੇ ਕਰਨ ਅਤੇ ਅਪਰਾਧੀਆਂ ਨੂੰ ਜੇਲ੍ਹ ਭੇਜਣ ਆਦਿ ਲਈ ਲਗਾਤਾਰ ਸਰਗਰਮ ਹੈ।

ਤੁਹਾਨੂੰ ਦੱਸ ਦੇਈਏ ਕਿ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਜੋ ਕਿ ਦੇਸ਼ ਅਤੇ ਰਾਜ ਦੇ ਇੱਕ ਇਮਾਨਦਾਰ ਅਤੇ ਇਮਾਨਦਾਰ ਆਈਪੀਐਸ ਅਫਸਰ ਹਨ, ਜਿਨ੍ਹਾਂ ਦਾ ਲੜਾਕੂ ਰਵੱਈਆ,



ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਹੈ, ਨੇ ਆਪਣੀ ਸੂਝਬੂਝ, ਆਪਣੀ ਦੂਰਅੰਦੇਸ਼ੀ, ਆਪਣੇ ਵਿਹਾਰਕ ਹੁਨਰ ਅਤੇ ਆਪਣੀ ਮਿਹਨਤੀ ਅਤੇ ਕੁਸ਼ਲ ਅਗਵਾਈ ਦੀ ਯੋਗਤਾ ਦਾ ਸਬੂਤ ਦਿੱਤਾ ਹੈ ਅਤੇ ਆਪਣੇ ਕਾਰਜਕਾਲ ਵਿੱਚ ਹੁਣ ਤੱਕ ਦੇ ਸਾਰੇ ਤਿਉਹਾਰਾਂ ਨੂੰ ਬਹੁਤ ਹੀ ਸੁਰੱਖਿਅਤ ਅਤੇ ਸ਼ਾਂਤਮਈ ਢੰਗ ਨਾਲ ਪੂਰਾ ਕੀਤਾ ਹੈ ਮੁੱਖ ਮੰਤਰੀ ਯੋਗੀ ਆਦਿਤਿਆਨਾਥ

ਇੰਨਾ ਹੀ ਨਹੀਂ, ਉਸ ਦੀ ਡਿਊਟੀ ਪ੍ਰਤੀ ਪੂਰੀ ਲਗਨ ਹੈ।

ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦੀ ਦਲੇਰੀ ਅਤੇ ਹਰ ਤਰ੍ਹਾਂ ਦੇ ਚਿੱਟੇ ਕਾਲਰ ਮਾਫੀਆ ਅਪਰਾਧੀਆਂ ਦੇ ਖਿਲਾਫ ਉਨ੍ਹਾਂ ਨੇ ਜਿਸ ਤਰ੍ਹਾਂ ਦੀ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਹੈ, ਉਹ ਵੀ ਬੇਮਿਸਾਲ ਹੈ, ਜਿਸ ਦੀ ਇੱਕ ਜ਼ਾਹਰ ਉਦਾਹਰਣ ਕਾਨਪੁਰ ਪ੍ਰੈਸ ਕਲੱਬ ਦੇ ਸਾਬਕਾ ਪ੍ਰਧਾਨ ਅਵਨੀਸ਼ ਦੀਕਸ਼ਿਤ ਦੇ ਅਪਰਾਧਿਕ ਗਿਰੋਹ ਦਾ ਪਰਦਾਫਾਸ਼ ਹੈ। ਪੱਤਰਕਾਰੀ ਤੋਂ ਅਪਰਾਧੀਆਂ ਨੂੰ ਖਤਮ ਕਰਨ ਲਈ ਭਾਰਤ ਵਿੱਚ ਕਾਨਪੁਰ, ਯੂਪੀ ਵਿੱਚ ਕੀਤਾ ਗਿਆ ਇਹ ਸਫਲ ਯਤਨ ਸ਼ਾਇਦ ਵਿਸ਼ਵ ਪੱਤਰਕਾਰੀ ਦੇ ਇਤਿਹਾਸ ਵਿੱਚ ਪਹਿਲਾ ਹੈ, ਜਿਸ ਲਈ ਨਾ ਤਾਂ ਅਤੀਤ ਅਤੇ ਨਾ ਹੀ ਭਵਿੱਖ ਨੂੰ ਪਰਿਭਾਸ਼ਿਤ ਕਰਨ ਵਾਲੇ ਮਿਹਨਤੀ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦਾ ਕਾਰਜਕਾਲ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਪੁਲਿਸ ਕਮਿਸ਼ਨਰ ਅਖਿਲ ਕੁਮਾਰ, ਜਿਨ੍ਹਾਂ ਨੇ ਹਮੇਸ਼ਾ ਹੀ ਅਪਰਾਧੀਆਂ ਅਤੇ ਪੀੜਤਾਂ ਦੇ ਹਿੱਤਾਂ ਲਈ ਆਪਣੀ ਡਿਊਟੀ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਈ ਹੈ, ਆਪਣੀ ਚੁਣੌਤੀਪੂਰਨ ਨਿਯੁਕਤੀ ਤੋਂ ਲੈ ਕੇ ਹੁਣ ਤੱਕ ਸਾਰੀਆਂ ਘਟਨਾਵਾਂ ਨੂੰ ਸਹੀ ਖੁਲਾਸੇ ਕਰਨ ਲਈ ਲਗਾਤਾਰ ਸਖ਼ਤ ਮਿਹਨਤ ਕੀਤੀ ਹੈ ਅਤੇ ਹੁਣ ਤੱਕ ਲਗਾਤਾਰ ਦਰਜਨਾਂ ਅਪਰਾਧੀਆਂ ਨੂੰ ਜੇਲ੍ਹ ਭੇਜ ਕੇ ਅਪਰਾਧੀਆਂ ਨੂੰ ਕਾਬੂ ਕਰਨ ਵਿੱਚ ਵੀ ਵੱਡੀ ਪੱਧਰ ਤੇ ਮੋਹਰੀ ਹੋ ਕੇ ਆਮ ਲੋਕਾਂ ਨੂੰ ਰਾਹਤ ਦਿੱਤੀ ਹੈ। ਯੋਗੀ ਆਦਿਤਿਆ ਨਾਥ ਦੀ ਅਗਵਾਈ ਵਾਲੀ ਯੂਪੀ ਸਰਕਾਰ ਦੀ ਤਾਰੀਫ਼ ਸਾਬਤ ਹੋ ਚੁੱਕਾ ਹੈ। ਇਸ ਦੌਰਾਨ ਉਨਾਂ ਨੇ ਲੋਕਾਂ ਨੂੰ ਹੋਲੀ ਅਤੇ ਈਦ ਦਾ ਤਿਉਹਾਰ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਨਾਲ ਮਨਾਉਣ ਦੀ ਪੁਰਜ਼ੋਰ ਅਪੀਲ ਵੀ ਕੀਤੀ ਹੈ।

# ਪ੍ਰੋਪਰਟੀ ਟੈਕਸ ਵਿਭਾਗ ਵੱਲੋਂ ਸਿਕੰਜਾ ਕੱਸੇ ਜਾਣ ਉਪਰੰਤ ਹਰਕਤ ਵਿੱਚ ਆਏ ਟੈਕਸ ਡਿਫਾਲਟਰ



ਅੰਮ੍ਰਿਤਸਰ (ਲੋਕ ਬਾਣੀ) ਨਗਰ ਨਿਗਮ ਅੰਮ੍ਰਿਤਸਰ ਦੇ ਪ੍ਰੋਪਰਟੀ ਟੈਕਸ ਵਿਭਾਗ ਵੱਲੋਂ ਪ੍ਰੋਪਰਟੀ ਟੈਕਸ ਦੇ ਡਿਫਾਲਟਰਾਂ ਤੇ ਸ਼ਿਕੰਜਾ ਕੱਸੇ ਜਾਣ ਤੋਂ ਬਾਅਦ ਟੈਕਸ ਜਮਾਂ ਹੋਣ ਦੇ ਜ਼ਿਆਦਾ ਆਸਾਰ ਨਜ਼ਰ ਆ ਰਹੇ ਹਨ। ਹਲਕਾ ਈਸਟ ਦੇ ਸੁਪਰੀਡੈਂਟ ਪ੍ਰਦੀਪ ਰਾਜਪੂਤ ਦੀ ਦੇਖ ਰੇਖ ਦੇ ਵਿੱਚ ਵੀਰਵਾਰ ਨੂੰ ਐਕਸ਼ਨ ਦੇ ਵਿੱਚ ਆਉਂਦੇ ਹੋਏ ਟੈਕਸ ਡਿਫਾਲਟਰਾਂ ਦੀਆਂ ਕਈ ਪ੍ਰੋਪਰਟੀਆਂ ਨੂੰ ਸੀਲ ਕਰ ਦਿੱਤਾ ਗਿਆ। ਸੀਲ ਕੀਤੀਆਂ ਗਈਆਂ ਪ੍ਰੋਪਰਟੀਆਂ ਦੇ ਵਿੱਚ ਦ ਸੀਕਰੈਟ ਗਾਰਡਨ ਰਿਜ਼ੋਟ,ਸ਼ਰਾਬ ਦਾ ਠੇਕਾ, ਰਾਣੀ ਬਾਜ਼ਾਰ ਤੇ ਗੁਰਿੰਦਰ ਡੇਅਰੀ,ਬੱਸ ਸਟੈਂਡ ਦੇ ਕਰੀਬ ਓਮ ਰੈਜੀਡੈਂਸੀ ਹੋਟਲ,ਸੁੰਦਰ ਨਗਰ ਸਥਿਤ ਪੰਜ ਦੁਕਾਨਾਂ ਨੂੰ ਵੀ ਸੀਲ ਕੀਤਾ ਗਿਆ। ਜਦ ਕਿ ਕਾਰਵਾਈ ਦੇ ਦੌਰਾਨ ਰਾਣੀ ਬਾਜ਼ਾਰ ਸਥਿਤ ਇੱਕ ਦੁਕਾਨ,ਟਿਪ ਟੋਪ ਪ੍ਰੋਪਰਟੀ ਵੱਲੋਂ ਸੀਲਿੰਗ ਦੇ ਦੌਰਾਨ ਮੌਕੇ ਤੇ ਹੀ ਭੁਗਤਾਨ ਕਰ ਦਿੱਤਾ ਗਿਆ।

ਨਗਰ ਨਿਗਮ ਦੇ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਆਦੇਸ਼ਾਂ ਦੇ ਚੱਲਦਿਆਂ ਪ੍ਰੋਪਰਟੀ ਟੈਕਸ ਵਿਭਾਗ ਵੱਲੋਂ ਟੈਕਸ ਡਿਫਾਲਟਰਾਂ ਤੇ ਕੀਤੀ ਗਈ ਸਖਤੀ ਤੋਂ ਬਾਅਦ ਸ਼ੁਕਰਵਾਰ ਨੂੰ ਵੀ ਟੈਕਸ ਜਮਾ ਕਰਾਉਣ ਵਾਲਿਆਂ ਦਾ ਤਾਂਤਾਂ ਲੱਗਿਆ ਦੇਖਿਆ ਗਿਆ। ਪ੍ਰੋਪਰਟੀ ਟੈਕਸ ਰਿਕਵਰੀ ਕਰਨ ਦੇ ਦੌਰਾਨ ਸੁਪਰੀਡੈਂਟ ਪ੍ਰਦੀਪ ਰਾਜਪੂਤ,ਇੰਸਪੈਕਟਰ ਸੁਖਦੇਵ ਸਿੰਘ,ਇੰਸਪੈਕਟਰ ਸਤਿੰਦਰ ਸਿੰਘ ਨਹੀਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪ੍ਰੋਪਰਟੀ ਟੈਕਸ ਜਮਾ ਕਰਵਾਉਣ ਲਈ 31 ਮਾਰਚ ਦੀ ਉਡੀਕ ਕਰਨ ਦੀ ਜਗ੍ਹਾ ਦਫਤਰ ਵਿੱਚ ਆ ਕੇ ਪਹਿਲਾਂ ਹੀ ਟੈਕਸ ਜਮਾ ਕਰਵਾਇਆ ਜਾਵੇ ਤਾਂ ਕਿ ਆਖਰੀ ਦਿਨਾਂ ਵਿੱਚ ਟੈਕਸ ਜਮਾਂ ਕਰਵਾਉਣ ਸਮੇਂ ਨਜ਼ਰ ਆਉਣ ਵਾਲੀ ਭੀੜ ਜਾਂ ਹੋਰ ਮੁਸ਼ਕਿਲਾਂ ਦਾ ਕੋਈ ਸਾਹਮਣਾ ਨਾ ਕਰਨਾ ਪਵੇ। ਟੈਕਸ ਜਮਾ ਨਾ ਕਰਵਾਉਣ ਦੀ ਸੂਰਤ ਵਿੱਚ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਸ਼੍ਰੀ ਚੋਲਾ ਸਾਹਿਬ ਸੰਗ ਦੇ ਜੋੜ ਮੇਲੇ ਤੇ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਾਇਆ

ਡੇਰਾ ਬਾਬਾ ਨਾਨਕ /ਲੁਧਿਆਣਾ( ਸੁਖਚੈਨ ਮਹਿਰਾ)ਖੂਨ ਕਿਸੇ ਹਸਤਪਾਲ,ਲੈਬੋਰਟਰੀ ਜਾਂ ਫੈਕਟਰੀ ਵਿਚ ਤਿਆਰ ਨਹੀਂ ਕੀਤਾ ਜਾ ਸਕਦਾ-ਗੋਸਲ,ਕਾਹਲੋਂ

ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ, ਗੁਰੂ ਅੰਗਦ ਦੇਵ ਜੀ, ਗੁਰੂ ਅਰਜਨ ਦੇਵ ਜੀ, ਅਤੇ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਵਿਖੇ ਸ੍ਰੀ ਚੋਲਾ ਸਾਹਿਬ ਸੰਗ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 786ਵਾਂ ਮਹਾਨ ਖ਼ੂਨਦਾਨ ਕੈਂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਦੇ ਸਹਿਯੋਗ ਨਾਲ ਗੁਰਦੁਆਰਾ ਦਰਬਾਰ ਸਹਿਬ ਡੇਰਾ ਬਾਬਾ ਨਾਨਕ ਵਿਖੇ ਲਗਾਇਆ ਗਿਆ।ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਨ ਸਮੇਂ ਮੈਨੇਜਰ ਸਤਨਾਮ ਸਿੰਘ ਗੋਸਲ ਅਤੇ ਪ੍ਰਿੰਸੀਪਲ ਸ਼ਰਨਜੀਤ ਕੌਰ ਕਾਹਲੋਂ ਨੇ ਕਿਹਾ ਕਿ ਖੂਨ ਕਿਸੇ ਹਸਤਪਾਲ, ਲੈਬੋਰਟਰੀ ਜਾਂ ਫੈਕਟਰੀ ਵਿਚ ਤਿਆਰ ਨਹੀਂ ਕੀਤਾ ਜਾ ਸਕਦਾ। ਖ਼ੂਨ ਦੀ ਫੈਕਟਰੀ ਸ਼ਰੀਰ ਦੇ ਅੰਦਰ ਲਗੀ ਹੈ ਇਨਸਾਨ ਦੇ ਖ਼ੂਨਦਾਨ ਨਾਲ ਮਰੀਜ਼ ਦੀ ਜ਼ਿੰਦਗੀ ਨੂੰ ਬਚਾਇਆ ਜਾ ਸਕਦਾ। ਦਾਨਾ ਵਿਚੋ ਖ਼ੂਨਦਾਨ ਸਭ ਤੋਂ ਵਡਾ ਪੁੰਨ ਦਾ ਮਹਾਦਾਨ ਹੈ ਇਸ ਸਮੇਂ ਅਮ੍ਰਿਤਬੀਰ ਸਿੰਘ ਕਾਹਲੋਂ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਬਟਾਲਾ ਅਤੇ ਉਘੇ ਸਮਾਜ ਸੇਵੀ ਗੁਰਬਿੰਦਰ ਸਿੰਘ ਨੇ ਗੁਰਵਿੰਦਰ ਸਿੰਘ ਸੋਹਲ ਕੈਨੇਡਾ ਵਾਸੀ ਸਮੇਤ ਖ਼ੂਨਦਾਨ ਕਰਨ ਵਾਲੇ ਦਾਨੀਆ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਨੇ ਦੱਸਿਆ ਖ਼ੂਨਦਾਨ ਕੈਂਪ ਦੌਰਾਨ 70 ਬਲੱਡ ਯੂਨਿਟ ਸਿਵਿਲ ਹਸਪਤਾਲ ਅਤੇ ਪਾਰਵਤੀ ਹਸਤਪਾਲ ਦੇ ਨਿੱਘੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਤੇ ਬਲਦੇਵ ਸਿੰਘ ਸੰਧੂ, ਗੁਰਜੰਟ ਸਿੰਘ ਔਠੀ, ਨਰਿੰਦਰ, ਅਸ਼ੋਕ ਕੁਮਾਰ, ਅਰਸ਼ਦੀਪ ਸਿੰਘ,ਹਰਬੰਸ ਸਿੰਘ ਫੌਜੀ ਬਿਲਗਾ, ਦਮਨ ਸਿੰਘ ਕਾਹਨੂੰਵਾਨ ਹਾਜਰ ਸਨ





# ਨੀਲੇ ਕਾਰਡ ਹੋਲਡਰ 31 ਮਾਰਚ ਤੋਂ ਪਹਿਲਾਂ ਜ਼ਰੂਰ ਕਰਵਾਉਣ ਈ-ਕੇ.ਵਾਈ.ਸੀ. - ਜੋਗਿੰਦਰ ਮਾਨ



ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਹਲਕਾ ਵਿਧਾਨਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਹਲਕੇ ਦੇ ਸਮੂਹ ਨੀਲੇ ਕਾਰਡ ਧਾਰਕਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ 31 ਮਾਰਚ ਤੋਂ ਪਹਿਲਾਂ ਆਪਣੇ ਨੀਲੇ ਕਾਰਡ ਦੀ ਈ-ਕੇ.ਵਾਈ.ਸੀ. ਜ਼ਰੂਰ ਕਰਵਾਉਣ ਤਾਂ ਜੋ ਉਹਨਾਂ ਨੂੰ ਨੀਲੇ ਕਾਰਡ ਨਾਲ ਮਿਲਣ ਵਾਲੀ ਫਰੀ ਕਣਕ ਦੀ ਸੁਵਿਧਾ ਨਿਰਵਿਘਨ ਜਾਰੀ ਰਹਿ ਸਕੇ। ਉਹਨਾਂ ਦੱਸਿਆ ਕਿ ਈ-ਕੇ.ਵਾਈ.ਸੀ. ਕਰਵਾਉਣ ਲਈ ਆਪਣੇ ਵਾਰਡ ਦੇ ਸਬੰਧਤ ਡਿਪੂ ਹੋਲਡਰਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਜਿਹਨਾਂ ਨੀਲੇ ਕਾਰਡ ਹੋਲਡਰਾਂ ਦੀ ਈ-ਕੇ.ਵਾਈ.ਸੀ. ਪ੍ਰਕ੍ਰਿਆ 31 ਮਾਰਚ 2025 ਤੱਕ ਪੂਰੀ ਨਹੀਂ ਹੋਵੇਗੀ ਉਹਨਾਂ ਨੂੰ ਅਪ੍ਰੈਲ ਤੋਂ ਫਰੀ ਕਣਕ ਦੀ ਸੁਵਿਧਾ ਫੂਡ ਸਪਲਾਈ ਵਿਭਾਗ ਪੰਜਾਬ ਵਲੋਂ ਰੋਕ ਦਿੱਤੀ ਜਾਵੇਗੀ।

# ਰੈਸਟੋਰੈਂਟ, ਕਲੱਬ ਤੇ ਹੋਰ ਲਾਇਸੰਸਸ਼ੁਦਾ ਖਾਣ-ਪੀਣ ਵਾਲੀਆਂ ਥਾਵਾਂ ਰਾਤ 12 ਵਜੇ ਤੱਕ ਮੁਕੰਮਲ ਬੰਦ ਕਰਨ ਦੇ ਹੁਕਮ

ਜਲੰਧਰ, (ਲੋਕ ਬਾਣੀ) : ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਵੱਲੋਂ ਪੁਲਿਸ ਕਮਿਸ਼ਨਰੇਟ ਜਲੰਧਰ ਦੇ ਅਧਿਕਾਰ ਖੇਤਰ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਬਣਾਈ ਰੱਖਣ ਦੇ ਉਦੇਸ਼ ਨਾਲ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸਮੂਹ ਰੈਸਟੋਰੈਂਟ, ਕਲੱਬ ਅਤੇ ਹੋਰ ਅਜਿਹੀਆਂ ਲਾਇਸੰਸਸ਼ੁਦਾ ਖਾਣ-ਪੀਣ ਵਾਲੀਆਂ ਥਾਵਾਂ ਅੱਧੀ ਰਾਤ 12 ਵਜੇ ਤੱਕ ਮੁਕੰਮਲ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੁਲਿਸ ਕਮਿਸ਼ਨਰੇਟ ਦੀ ਹਦੂਦ ਅੰਦਰ ਕਿਸੇ ਰੈਸਟੋਰੈਂਟ, ਕਲੱਬ ਜਾਂ ਹੋਰ ਲਾਇਸੰਸਸ਼ੁਦਾ ਖਾਣ-ਪੀਣ ਵਾਲੀਆਂ ਥਾਵਾਂ ਵਿੱਚ ਰਾਤ 11:30 ਵਜੇ ਤੋਂ ਬਾਅਦ ਭੋਜਨ, ਪੀਣ ਵਾਲੇ ਪਦਾਰਥ ਆਦਿ ਦਾ ਕੋਈ ਆਰਡਰ ਨਹੀਂ ਲਿਆ ਜਾਵੇਗਾ ਅਤੇ ਕਿਸੇ ਵੀ ਨਵੇਂ ਗਾਹਕ ਨੂੰ ਰਾਤ 11:30 ਤੋਂ ਬਾਅਦ ਰੈਸਟੋਰੈਂਟਾਂ, ਕਲੱਬਾਂ ਜਾਂ ਹੋਰ ਲਾਇਸੰਸਸ਼ੁਦਾ ਖਾਣ-ਪੀਣ ਵਾਲੀ ਥਾਵਾਂ ਵਿੱਚ ਦਾਖ਼ਲ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਸ਼ਰਾਬ ਦੀਆਂ ਦੁਕਾਨਾਂ ਨਾਲ ਲੱਗਦੇ ਅਹਾਤੇ ਰਾਤ 12 ਵਜੇ ਜਾਂ ਲਾਇਸੈਂਸ ਦੀਆਂ ਸ਼ਰਤਾਂ ਅਨੁਸਾਰ ਮੁਕੰਮਲ ਬੰਦ ਹੋਣਗੇ।

ਹੁਕਮਾਂ ਵਿੱਚ ਸਾਰੀਆਂ ਸੰਸਥਾਵਾਂ ਨੂੰ ਆਵਾਜ਼ ਦਾ ਪੱਧਰ 10 ਡੀ.ਬੀ. (ਏ) ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਡੀ.ਜੇ., ਲਾਈਵ ਆਰਕੈਸਟਰਾ/ਸਿੰਗਰ ਸਮੇਤ ਸਾਰੇ ਸਾਊਂਡ ਸਿਸਟਮ ਰਾਤ 10 ਵਜੇ ਬੰਦ ਹੋਣੇ ਚਾਹੀਦੇ ਹਨ ਜਾਂ ਉਨ੍ਹਾਂ ਦੀ ਆਵਾਜ਼ ਘੱਟ ਹੋਣੀ ਚਾਹੀਦੀ ਹੈ। ਰਾਤ 10 ਵਜੇ ਤੋਂ ਬਾਅਦ ਕਿਸੇ ਵੀ ਇਮਾਰਤ ਜਾਂ ਕੈਂਪਸ ਦੇ ਅੰਦਰ ਪੈਦਾ ਹੋਣ ਵਾਲੀ ਕੋਈ ਵੀ ਆਵਾਜ਼ ਚਾਰਦਿਵਾਰੀ ਤੋਂ ਬਾਹਰ ਨਹੀਂ ਸੁਣਾਈ ਦੇਣੀ ਚਾਹੀਦੀ। ਮਿਊਜ਼ਿਕ ਸਿਸਟਮ ਵਾਲੇ ਵਾਹਨਾਂ ਦੇ ਮਾਮਲੇ ਵਿੱਚ, ਦਿਨ ਦੇ ਕਿਸੇ ਵੀ ਸਮੇਂ ਮਿਊਜ਼ਿਕ ਸਿਸਟਮ ਦੀ ਆਵਾਜ਼ ਵਾਹਨ ਦੇ ਬਾਹਰ ਨਹੀਂ ਸੁਣਾਈ ਨਹੀਂ ਦੇਣੀ ਚਾਹੀਦੀ। ਇਹ ਹੁਕਮ 5 ਮਈ 2025 ਤੱਕ ਲਾਗੂ ਰਹੇਗਾ।

ਲੋਕ ਬਾਣੀ

# ਪੁਲਿਸ ਕਮਿਸ਼ਨਰ ਪੁਲਿਸ ਵੱਲੋਂ ਹਥਿਆਰਾਂ ਦਾ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ

ਜਲੰਧਰ, (ਲੋਕ ਬਾਣੀ) : ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 20 23 ਦੀ ਧਾਰਾ 163 ਅਤੇ ਆਰਮਜ਼ ਰੂਲਜ਼ 2016 ਦੇ ਰੂਲ ਨੰਬਰ 32 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਜਲੰਧਰ ਦੇ ਇਲਾਕੇ ਵਿੱਚ ਕਿਸੇ ਵੀ ਵਿਅਕਤੀ ਵਲੋਂ ਜਨਤਕ ਥਾਵਾਂ, ਧਾਰਮਿਕ ਥਾਵਾਂ, ਵਿਆਹਾਂ-ਸ਼ਾਦੀਆਂ/ ਪਾਰਟੀਆਂ ਦੇ ਮੌਕੇ 'ਤੇ ਮੈਰਿਜ ਪੈਲੇਸਾਂ/ਹੋਟਲਾਂ/ਹਾਲਾਂ ਆਦਿ ਵਿੱਚ ਅਤੇ ਹੋਰ ਇਕੱਠ ਵਾਲੀਆਂ ਥਾਵਾਂ ਵਿੱਚ ਹਥਿਆਰ ਲੈ ਕੇ ਜਾਣ ਅਤੇ ਹਥਿਆਰਾਂ ਨੂੰ ਪ੍ਰਦਰਸ਼ਨ ਕਰਨ (ਪਬਲਿਕ ਡਿਸਪਲੇਅ) 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ।

ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਹਥਿਆਰਾਂ ਨੂੰ ਪ੍ਰਮੋਟ ਕਰਨ ਵਾਲੇ ਗੀਤਾਂ ਅਤੇ ਹਿੰਸਾ/ ਲੜਾਈ-ਝਗੜਿਆਂ ਦੀ ਵਡਿਆਈ ਕਰਨ ਵਾਲੇ ਗੀਤਾਂ ਨੂੰ ਅਤੇ ਹਥਿਆਰਾਂ ਨੂੰ ਲੈ ਕੇ ਫੋਟੋ ਆਦਿ ਖਿਚਵਾ ਕੇ ਜਾਂ ਵੀਡੀਓ ਕਲਿੱਪ ਬਣਾ ਕੇ ਸੋਸ਼ਲ ਮੀਡੀਆ ਜਿਵੇਂ ਫੇਸਬੁੱਕ, ਵਟਸਐਪ, ਸਨੈਪਚੈਟ ਅਤੇ ਇਸਟਾਗ੍ਰਾਮ ਆਦਿ 'ਤੇ ਅਪਲੋਡ ਨਹੀਂ ਕਰੇਗਾ,ਅਜਿਹਾ ਕਰਨ 'ਤੇ ਪੂਰਨ ਪਾਬੰਦੀ ਹੈ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਨਹੀਂ ਦੇਵੇਗਾ।

ਪੁਲਿਸ ਕਮਿਸ਼ਨਰ ਵੱਲੋਂ ਇਕ ਹੋਰ ਹੁਕਮ ਰਾਹੀਂ ਕਮਿਸ਼ਨਰੇਟ ਪੁਲਿਸ ਜਲੰਧਰ ਦੀ ਹਦੂਦ ਅੰਦਰ ਸੜਕਾਂ ਦੇ ਨਾਲ-ਨਾਲ ਫੁੱਟਪਾਥਾਂ 'ਤੇ ਅਣ-ਅਧਿਕਾਰਤ ਬੋਰਡ ਲਗਵਾਉਣ, ਦੁਕਾਨਦਾਰਾਂ ਵਲੋਂ ਦੁਕਾਨਾਂ ਦੀ ਹੱਦ ਤੋਂ ਬਾਹਰ ਸੜਕਾਂ ਅਤੇ ਫੁੱਟਪਾਥਾਂ 'ਤੇ ਸਮਾਨ ਰੱਖ ਕੇ ਵੇਚਣ ਉਤੇ ਪਾਬੰਦੀ ਲਗਾ ਦਿੱਤੀ ਹੈ।

ਪੁਲਿਸ ਕਮਿਸ਼ਨਰ ਵੱਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਸਾਈਬਰ ਕ੍ਰਾਈਮ ਨੂੰ ਰੋਕਣ ਲਈ, ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ, ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣ ਲਈ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹਦੂਦ ਅੰਦਰ ਆਉਂਦੇ ਸਾਰੇ ਮੋਬਾਇਲ ਫੋਨ ਅਤੇ ਸਿਮ ਵਿਕਰੇਤਾ, ਮੋਬਾਇਲ ਫੋਨ ਅਤੇ ਸਿਮ ਵੇਚਦੇ ਸਮੇਂ ਖ਼ਰੀਦਦਾਰ ਪਾਸੋਂ ਪਹਿਚਾਣ ਪੱਤਰ/ਆਈ.ਡੀ. ਪਰੂਫ/ ਫੋਟੋ ਹਾਸਲ ਕੀਤੇ ਬਿਨਾਂ ਮੋਬਾਇਲ ਫੋਨ ਅਤੇ ਸਿਮ ਨਹੀਂ ਵੇਚਣਗੇ ਅਤੇ ਮੋਬਾਇਲ ਫੋਨ ਨੂੰ ਗ੍ਰਾਹਕ/ਵਿਕਰੇਤਾ ਪਾਸੋਂ ਖ਼ਰੀਦ ਕਰਨ ਸਮੇਂ ਗ੍ਰਾਹਕ/ਵਿਕਰੇਤਾ ਨੂੰ ਵੀ ਆਪਣੀ ਫਰਮ ਦੀ ਮੋਹਰ ਅਤੇ ਦਸਤਖ਼ਤਾਂ ਹੇਠ 'ਪ੍ਰਚੇਜ਼ ਸਰਟੀਫਿਕੇਟ' ਦੇਣਗੇ।

ਇਸ ਤੋਂ ਇਲਾਵਾ ਫੋਨ ਖ਼ਰੀਦਣ ਸਮੇਂ ਖ਼ਰੀਦਦਾਰ ਜਾਂ ਕੋਈ ਉਸਦਾ ਰਿਸ਼ਤੇਦਾਰ/ਜਾਣਕਾਰ ਵਿਅਕਤੀ, ਜਿਸ ਦੇ ਅਕਾਊਂਟ ਵਿਚੋਂ ਯੂ.ਪੀ.ਆਈ. ਪੇਮੈਂਟ ਜਾਂ ਕਾਰਡ ਦੁਆਰਾ ਜਾਂ ਆਨ-ਲਾਈਨ ਅਦਾਇਗੀ ਕੀਤੀ ਜਾਂਦੀ ਹੈ ਤਾਂ ਉਸ ਵਿਅਕਤੀ ਦਾ ਆਈ.ਡੀ. ਪਰੂਫ ਵੀ ਦੁਕਾਨਦਾਰ ਹਾਸਲ ਕਰਨ ਦੇ ਜ਼ਿੰਮੇਵਾਰ ਹੋਣਗੇ ਅਤੇ ਗ੍ਰਾਹਕ ਦਾ ਨਾਮ ਅਤੇ ਜਨਮ ਮਿਤੀ, ਪਿਤਾ ਦਾ ਨਾਮ, ਘਰ ਦਾ ਪੂਰਾ ਪਤਾ, ਜਿਸ ਨੂੰ ਫੋਨ ਜਾਂ ਸਿਮ ਵੇਚਿਆ ਹੈ ਜਾਂ ਜਿਸ ਪਾਸੋਂ ਫੋਨ ਖ਼ਰੀਦਿਆ ਹੈ ਉਸ ਦਾ ਆਈ.ਡੀ. ਪਰੂਫ, ਮੋਬਾਇਲ ਅਤੇ ਸਿਮ ਖਰੀਦਣ ਵਾਲੇ ਵਿਅਕਤੀ ਦੇ ਅੰਗੂਠੇ ਦਾ ਨਿਸ਼ਾਨ ਅਤੇ ਦਸਤਖ਼ਤ, ਮੋਬਾਇਲ ਫੋਨ ਵੇਚਣ/ਖ਼ਰੀਦਣ ਦੀ ਮਿਤੀ ਅਤੇ ਸਮਾਂ, ਜਿਸ ਵਿਅਕਤੀ ਦੇ ਅਕਾਊਂਟ ਵਿਚੋਂ ਪੇਮੈਂਟ ਹੋਈ ਹੈ, ਉਸ ਵਿਅਕਤੀ ਦਾ ਆਈ.ਡੀ.ਪਰੂਫ ਅਤੇ ਗ੍ਰਾਹਕ ਦੀ ਫੋਟੋ ਅਨੁਸਾਰ ਰਿਕਾਰਡ ਰਜਿਸਟਰ ਮੇਨਟੇਨ ਕਰਨਗੇ।

ਲੋਕ ਬਾਣੀ

ਪੁਲਿਸ ਕਮਿਸ਼ਨਰ ਵਲੋਂ ਜਾਰੀ ਇਕ ਹੋਰ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੁਲਿਸ ਕਮਿਸ਼ਨਰੇਟ ਦੀ ਹੱਦ ਅੰਦਰ ਪੈਂਦੀਆਂ ਵਾਹਨ ਖੜ੍ਹੀਆਂ ਕਰਨ ਦੀਆਂ ਥਾਵਾਂ ਜਿਵੇਂ ਰੇਲਵੇ ਸਟੇਸ਼ਨ, ਬੱਸ ਸਟੈਂਡ, ਧਾਰਮਿਕ ਥਾਵਾਂ, ਹਸਪਤਾਲ, ਭੀੜ ਵਾਲੇ ਬਜ਼ਾਰਾਂ ਅਤੇ ਹੋਰ ਵਾਹਨ ਪਾਰਕ ਕਰਨ ਲਈ ਬਣੀਆਂ ਥਾਵਾਂ ਆਦਿ ਦੇ ਮਾਲਕ/ ਪ੍ਰਬੰਧਕ (ਕੰਪਲੈਕਸ ਦੇ ਅੰਦਰ ਜਾਂ ਬਾਹਰ ) ਸੀ.ਸੀ. ਟੀ.ਵੀ.ਕੈਮਰੇ ਲਗਾਏ ਬਿਨਾਂ ਵਾਹਨ ਪਾਰਕਿੰਗ ਨਹੀਂ ਚਲਾਉਣਗੇ।

ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੀ.ਸੀ.ਟੀ.ਵੀ. ਕੈਮਰੇ ਇਸ ਤਰੀਕੇ ਨਾਲ ਲਗਾਏ ਜਾਣ ਕਿ ਜੋ ਵਾਹਨ ਪਾਰਕਿੰਗ ਦੇ ਅੰਦਰ/ਬਾਹਰ ਆਉਂਦਾ-ਜਾਂਦਾ ਹੈ, ਉਸ ਵਾਹਨ ਦੀ ਨੰਬਰ ਪਲੇਟ ਅਤੇ ਵਾਹਨ ਚਲਾਉਣ ਵਾਲੇ ਵਿਅਕਤੀ ਦਾ ਚਿਹਰਾ ਸਾਫ਼ ਨਜ਼ਰ ਆਵੇ ਅਤੇ ਇਸ ਸਬੰਧੀ ਲਗਾਏ ਗਏ ਸੀ.ਸੀ.ਟੀ.ਵੀ.ਕੈਮਰਿਆਂ ਦੀ 45 ਦਿਨ ਦੀ ਰਿਕਾਰਡਿੰਗ ਦੀ ਸੀ.ਡੀ.ਤਿਆਰ ਕਰਨ ਉਪਰੰਤ ਹਰ 15 ਦਿਨ ਬਾਅਦ ਸਕਿਉਰਟੀ ਬ੍ਰਾਂਚ ਦਫ਼ਤਰ ਪੁਲਿਸ ਕਮਿਸ਼ਨਰ ਜਲੰਧਰ ਵਿੱਚ ਜਮ੍ਹਾ ਕਰਵਾਈ ਜਾਵੇ।

ਇਸੇ ਤਰ੍ਹਾਂ ਵਾਹਨ ਪਾਰਕ ਕਰਨ ਵਾਲੇ ਵਾਹਨ ਮਾਲਕਾਂ ਦਾ ਰਿਕਾਰਡ ਜੇਕਰ ਵਾਹਨ ਇੱਕ ਦਿਨ ਲਈ ਖੜ੍ਹਾ ਕਰਨਾ ਹੋਵੇ ਤਾਂ ਰਜਿਸਟਰ ਵਿੱਚ ਉਸ ਦਾ ਇੰਦਰਾਜ ਵਾਹਨ ਮਾਲਕ ਦਾ ਨਾਮ, ਮੋਬਾਇਲ ਨੰਬਰ, ਆਈ. ਡੀ., ਵਾਹਨ ਦੀ ਕਿਸਮ, ਰਜਿਸਟਰੇਸ਼ਨ ਨੰਬਰ, ਚੈਸੀ ਨੰਬਰ, ਇੰਜਣ ਨੰਬਰ, ਵਾਹਨ ਪਾਰਕ ਕਰਨ ਦੀ ਮਿਤੀ ਅਤੇ ਵਾਹਨ ਵਾਪਸ ਲੈਣ ਦੀ ਮਿਤੀ ਦਰਜ ਕਰਨ ਤੋਂ ਇਲਾਵਾ ਵਾਹਨ ਮਾਲਕ ਦੇ ਰਜਿਸਟਰ ਉਪਰ ਦਸਤਖ਼ਤ ਕਰਵਾਏ ਜਾਣ।

ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਵਾਹਨ ਇੱਕ ਦਿਨ ਤੋਂ ਵੱਧ ਸਮੇਂ ਲਈ ਖੜ੍ਹਾ ਕਰਨਾ ਹੋਵੇ ਤਾਂ ਉਸ ਦਾ ਇੰਦਰਾਜ ਰਜਿਸਟਰ ਵਿੱਚ ਉਕਤ ਅਨੁਸਾਰ ਕਰਕੇ ਵਾਹਨ ਮਾਲਕ ਕੋਲੋਂ ਵਾਹਨ ਦੀ ਰਜਿਸਟਰੇਸ਼ਨ ਅਤੇ ਡਰਾਇਵਿੰਗ ਲਾਇਸੰਸ ਦੀ ਫੋਟੋ ਕਾਪੀ ਲੈ ਕੇ ਬਤੌਰ ਰਿਕਾਰਡ ਰੱਖਿਆ ਜਾਵੇ । ਇਸ ਤੋਂ ਇਲਾਵਾ ਪਾਰਕਿੰਗ ਵਾਲੀਆਂ ਥਾਵਾਂ 'ਤੇ ਕੰਮ ਕਰ ਰਹੇ ਵਿਅਕਤੀਆਂ ਦੀ ਪੁਲਿਸ ਵੈਰੀਫਿਕੇਸ਼ਨ ਸਬੰਧਿਤ ਥਾਣਿਆਂ 'ਤੋਂ ਕਰਵਾਈ ਜਾਵੇ।

ਪੁਲਿਸ ਕਮਿਸ਼ਨਰ ਨੇ ਇਕ ਹੋਰ ਹੁਕਮ ਰਾਹੀਂ ਕਮਿਸ਼ਨਰੇਟ ਜਲੰਧਰ ਅਧੀਨ ਆਉਂਦੇ ਇਲਾਕੇ ਵਿੱਚ ਪਤੰਗ ਉਡਾਉਣ ਲਈ ਵਰਤੀ ਜਾਣ ਵਾਲੀ ਚਾਈਨਾ/ਮਾਂਝਾ ਡੋਰ (ਨਾਈਲੋਨ, ਪਲਾਸਟਿਕ ਜਾਂ ਸਿੰਥੈਟਿਕ ਮਟੀਰੀਅਲ ਨਾਲ ਬਣੀ ਡੋਰ/ਧਾਗਾ ਜਾਂ ਕੋਈ ਅਜਿਹੀ ਡੋਰ/ਧਾਗਾ, ਜਿਸ ਉਪਰ ਸਿੰਥੈਟਿਕ/ਕੱਚ/ਤਿੱਖੀ ਧਾਤੂ ਦੀ ਪਰਤ ਚੜ੍ਹੀ ਹੋਵੇ) ਪੰਜਾਬ ਸਰਕਾਰ ਦੇ ਮਾਪਦੰਡਾਂ ਦੇ ਅਨੁਕੂਲ ਨਾ ਹੋਵੇ, ਦਾ ਨਿਰਮਾਣ ਕਰਨ, ਵੇਚਣ, ਸਟੋਰ ਕਰਨ, ਖ਼ਰੀਦ ਕਰਨ, ਸਪਲਾਈ ਕਰਨ, ਆਯਾਤ ਕਰਨ ਅਤੇ ਪਤੰਗ ਉਡਾਉਣ ਲਈ ਵਰਤਣ 'ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਹੈ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪਤੰਗ ਉਡਾਉਣ ਦੀ ਇਜਾਜ਼ਤ ਸਿਰਫ਼ ਸੂਤੀ ਧਾਗੇ ਨਾਲ ਹੀ ਹੋਵੇਗੀ, ਜੋ ਕਿਸੇ ਪ੍ਰਕਾਰ ਦੇ ਤਿੱਖੇ ਧਾਤੂ/ਕੱਚ ਜਾਂ ਧਾਗੇ ਨੂੰ ਮਜ਼ਬੂਤ ਕਰਨ ਲਈ ਚਿਪਕਾਈ ਗਈ ਪਰਤ ਤੋਂ ਰਹਿਤ ਹੋਵੇ। ਉਪਰੋਕਤ ਸਾਰੇ ਹੁਕਮ 5 ਮਈ 2025 ਤੱਕ ਲਾਗੂ

# ਅਥਰਵ ਅਵਾਰਡ ਆਫ਼ ਐਕਸੀਲੈਂਸ 1 ਜੂਨ ਨੂੰ



ਪਟਿਆਲਾ: (ਲੋਕ ਬਾਣੀ) ਅਥਰਵ ਐਵਾਰਡਜ਼ ਆਫ ਐਕਸੀਲੈਂਸ 1 ਜੂਨ ਨੂੰ ਆਯੋਜਿਤ ਕੀਤਾ ਜਾਵੇਗਾ। ਇਹ ਵੱਕਾਰੀ ਪੁਰਸਕਾਰ ਪ੍ਰੋਗਰਾਮ ਭਾਰਤ ਭਰ ਦੇ ਉੱਤਮ ਅੰਡਰਗ੍ਰੈਜੂਏਟ, ਪੋਸਟ ਗ੍ਰੈਜੂਏਟ ਅਤੇ ਪੀਐਚਡੀ ਖੋਜਕਰਤਾਵਾਂ ਨੂੰ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਤੇ ਮਾਨਤਾ ਦੇਵੇਗਾ।

ਅਥਰਵ ਗਰੁੱਪ ਆਫ਼ ਇੰਸਟੀਚਿਊਟਸ ਦੇ ਕਾਰਜਕਾਰੀ ਚੇਅਰਮੈਨ ਸੁਨੀਲ ਨੇ ਕਿਹਾ ਕਿ ਖੋਜ, ਤਕਨਾਲੋਜੀ ਅਤੇ ਨਵੀਨਤਾ ਦੇ ਖੇਤਰ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਨੂੰ ਸਨਮਾਨਿਤ ਕਰਕੇ ਅਸੀਂ ਭਾਰਤ ਦੇ ਨੌਜਵਾਨ ਖੋਜਕਰਤਾਵਾਂ ਦੀ ਬੁੱਧੀ, ਸਮਰੱਥਾ, ਕੁਸ਼ਲਤਾ, ਪ੍ਰਤਿਭਾ ਅਤੇ ਬੌਧਿਕ ਸ਼ਕਤੀ ਨੂੰ ਉਜਾਗਰ ਕਰਨਾ ਚਾਹੁੰਦੇ ਹਾਂ।

ਨਵੀਨਤਾ ਨੂੰ ਪ੍ਰੇਰਿਤ ਕਰਨ ਅਤੇ ਉੱਤਮਤਾ ਦਾ ਸਨਮਾਨ ਕਰਨ ਦੇ ਮਿਸ਼ਨ ਦੇ ਨਾਲ, ਇਹ ਪੁਰਸਕਾਰ ਰੋਬੋਟਿਕਸ, ਪੁਲਾੜ ਖੋਜ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਰਗੇ ਅਤਿ-ਆਧੁਨਿਕ ਖੇਤਰਾਂ ਵਿੱਚ ਬੇਮਿਸਾਲ ਯੋਗਦਾਨਾਂ ਦਾ ਸਨਮਾਨ ਕਰੇਗਾ।

ਹਰੇਕ ਵਰਗ ਵਿੱਚ ਇੱਕ ਪੁਰਸ਼ ਅਤੇ ਇੱਕ ਮਹਿਲਾ ਜੇਤੂ ਚੁਣਿਆ ਜਾਵੇਗਾ, ਜਿਸਨੂੰ ਇੱਕ ਟਰਾਫੀ ਅਤੇ 50,000 ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਪਹਿਲਕਦਮੀ ਦਾ ਉਦੇਸ਼ ਇੰਜੀਨੀਅਰਿੰਗ ਖੇਤਰ ਵਿੱਚ ਸਭ ਤੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ, ਉਤਸ਼ਾਹਿਤ ਕਰਨਾ ਅਤੇ ਇਨਾਮ ਦੇਣਾ ਹੈ।

ਇਹ ਸਮਾਗਮ ਪ੍ਰਮੁੱਖ ਅਕਾਦਮਿਕ, ਖੋਜਕਰਤਾਵਾਂ, ਉਦਯੋਗ ਮਾਹਿਰਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਇਕੱਠੇ ਲਿਆਏਗਾ, ਜਿਸ ਨਾਲ ਇਹ ਭਾਰਤ ਦੀ ਸਿੱਖਿਆ ਅਤੇ ਖੋਜ ਦੇ ਲੈਂਡਸਕੇਪ ਵਿੱਚ ਇੱਕ ਇਤਿਹਾਸਕ ਪਲ ਹੋਵੇਗਾ।

ਇਹ ਪੁਰਸਕਾਰ ਨਵੀਨਤਾ ਨੂੰ ਮਾਨਤਾ ਦੇਣ ਦੇ ਨਾਲ-ਨਾਲ ਭਵਿੱਖ ਦੀ ਤਰੱਕੀ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨਗੇ, ਤਾਂ ਜੋ ਭਾਰਤ ਦੀ ਨੌਜਵਾਨ ਪ੍ਰਤਿਭਾ ਨੂੰ ਸਮਰਥਨ ਅਤੇ ਮਾਨਤਾ ਮਿਲ ਸਕੇ ਜਿਸ ਦੇ ਉਹ ਹੱਕਦਾਰ ਹਨ।

ਅਵਾਰਡਾਂ ਦਾ ਸ਼ਾਨਦਾਰ ਸਮਾਗਮ ਭਾਰਤ ਭਰ ਦੇ ਖੋਜਕਰਤਾਵਾਂ ਅਤੇ ਖੋਜਕਾਰਾਂ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਿੱਖਿਆ ਸ਼ਾਸਤਰੀਆਂ ਦੇ ਨਾਲ ਸਿੱਖਿਆ ਖੇਤਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰੇਗਾ।

# ਸੈਮਕੋ ਨੇ ਲਾਰਜ ਕੈਪ ਫੰਡ ਲਈ ਐਨਐਫਓ ਕੀਤਾ ਲਾਂਚ

ਲੁਧਿਆਣਾ (ਲੋਕ ਬਾਣੀ)- ਸੈਮਕੋ ਐਸੈਟ ਮੈਨੇਜਮੈਂਟ ਪ੍ਰਾਈਵੇਟ ਲਿਮਿਟੇਡ ਨੇ ਸੈਮਕੋ ਲਾਰਜ ਕੈਪ ਫੰਡ ਲਈ ਨਿਊ ਫੰਡ ਆਫਰ (ਐਨਐਫਓ) ਲਾਂਚ ਕੀਤਾ ਹੈ, ਜੋ ਕਿ ਇੱਕ ਓਪਨ-ਐਂਡਿਡ ਇਕਵਿਟੀ ਸਕੀਮ ਹੈ ਜੋ ਲਾਰਜ ਕੈਪ ਸ਼ੇਅਰਾਂ ਵਿੱਚ ਨਿਵੇਸ਼ ਕਰਨ ਤੇ ਕੇਂਦਰਤ ਹੈ। ਐਨਐਫਓ 5 ਮਾਰਚ 2025 ਤੋਂ 19 ਮਾਰਚ 2025 ਤੱਕ ਖੁੱਲਾ ਰਹੇਗਾ। ਫੰਡ ਦਾ ਲਕਸ਼ ਸੈਮਕੋ ਦੇ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਂਦੇ ਹੋਏ 100 ਸਭ ਤੋਂ ਵੱਡੀਆਂ ਲਾਰਜ-ਕੈਪ ਕੰਪਨੀਆਂ ਦਾ ਵਿਵਿਧ ਪੋਰਟਫੋਲਿਓ ਤਿਆਰ ਕਰਨਾ ਅਤੇ ਲੰਬੇ ਸਮੇਂ ਵਿੱਚ ਨਿਵੇਸ਼ ਤੇ ਵਧੀਆ ਵਾਪਸੀ ਪ੍ਰਦਾਨ ਕਰਨੀ ਹੈ। ਉੱਚ-ਗੁਣਵੱਤਾ ਅਤੇ ਵਿਕਾਸ-ਕੇਂਦਰਤ ਮੌਕੇ ਖੋਜਣ ਲਈ ਮੋਮੈਂਟਮ ਸਟ੍ਰੈਟਜੀ ਦੀ ਵਰਤੋਂ ਕੀਤੀ ਜਾਵੇਗੀ।

ਲਾਰਜ-ਕੈਪ ਸੈਗਮੈਂਟ ਇੱਕ ਪਸੰਦੀਦਾ ਨਿਵੇਸ਼ ਵਿਕਲਪ ਬਣਿਆ ਹੋਇਆ ਹੈ, ਜੋ ਕਿ ਬਾਜ਼ਾਰ ਵਿੱਚ ਉਤਾਰ-ਚੜਾਅ ਦੇ ਦੌਰਾਨ ਸਥਿਰਤਾ ਅਤੇ ਨਿਰੰਤਰ ਵਾਪਸੀ ਦਿੰਦਾ ਹੈ। ਭਾਰਤ ਦੀ ਅਰਥਵਿਵਸਥਾ ਵਿਕਾਸ ਦੇ ਮਾਰਗ ਤੇ ਹੈ, ਅਤੇ ਲਾਰਜ-ਕੈਪ ਫੰਡਾਂ ਨੇ ਮਜ਼ਬੂਤੀ ਦਿਖਾਈ ਹੈ, ਜੋ ਕਿ ਢਰਾਬੰਦ ਆਧਾਰਭੂਤ ਨੀਤੀਆਂ ਵਾਲੀਆਂ ਸਥਾਪਿਤ ਕੰਪਨੀਆਂ ਦੁਆਰਾ ਸਮਰਥਿਤ ਹਨ। ਨਿਵੇਸ਼ਕ ਆਪਣੇ ਜੋਖਮ ਅਤੇ ਇਨਾਮ ਨੂੰ ਸੰਤੁਲਿਤ ਕਰਨਾ ਚਾਹੁੰਦੇ ਹਨ। ਇੱਕ ਵਧੀਆ ਢੰਗ ਨਾਲ ਬਣਾਇਆ ਗਿਆ ਲਾਰਜ-ਕੈਪ ਪੋਰਟਫੋਲਿਓ ਲੰਬੇ ਸਮੇਂ ਲਈ ਧਨ-ਸੰਚਯ ਦਾ ਇੱਕ ਮਹੱਤਵਪੂਰਨ ਹਿੱਸਾ ਬਣਿਆ ਰਹਿੰਦਾ ਹੈ।

ਸੈਮਕੋ ਲਾਰਜ ਕੈਪ ਫੰਡ ਨੂੰ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਣ ਲਈ ਡਿਜ਼ਾਈਨ ਕੀਤਾ ਗਿਆ ਹੈ, ਜੋ ਕਿ ਬਜ਼ਾਰ ਦੇ ਪ੍ਰਦਰਸ਼ਨ ਸੰਕੇਤਕਾਂ ਦੇ ਆਧਾਰ ਤੇ ਗਤੀਸ਼ੀਲ ਤਰੀਕੇ ਨਾਲ ਸ਼ੇਅਰ ਚੁਣਦਾ ਹੈ। ਇਹ ਫੰਡ ਲਾਰਜ-ਕੈਪ ਇਕਵਿਟੀ ਵਿੱਚ ਘੱਟੋ-ਘੱਟ 80 ਫੀਸਦੀ ਐਕਸਪੋਜ਼ਰ ਨਾਲ ਸਭ ਤੋਂ ਵੱਧ ਐਸੈਟ ਐਲੋਕੇਸ਼ਨ ਯਕੀਨੀ ਬਣਾਉਂਦਾ ਹੈ, ਜਿਸ ਨਾਲ ਨਿਵੇਸ਼ਕਾਂ ਨੂੰ ਵਧੀਆ ਠੋਸ ਅਤੇ ਮੂਲ ਤੌਰ ਤੇ ਮਜ਼ਬੂਤ ਵਿਅਪਾਰਾਂ ਤੱਕ ਪਹੁੰਚ ਮਿਲਦੀ ਹੈ। ਮਾਰਕੀਟ ਦੀ ਅਸਥਿਰਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਿਤ ਕਰਨ ਲਈ, ਇਹ ਫੰਡ ਨਿਵੇਸ਼ਕ ਪੂੰਜੀ ਦੀ ਸੁਰੱਖਿਆ ਲਈ ਸਾਮਰਥਕ ਹੇਜਿੰਗ ਅਤੇ ਡੈਰੀਵੇਟਿਵ ਰਣਨੀਤੀਆਂ ਨੂੰ ਸ਼ਾਮਲ ਕਰਦਾ ਹੈ।

ਲਾਂਚ ਮੌਕੇ, ਸੈਮਕੋ ਐਸੈਟ ਮੈਨੇਜਮੈਂਟ ਪ੍ਰਾਈਵੇਟ ਲਿਮਿਟਡ ਦੇ ਸੀ.ਈ.ਓ. ਵਿਰਾਜ ਗਾਂਧੀ ਨੇ ਕਿਹਾ ਕਿ ਮੌਜੂਦਾ ਬਜ਼ਾਰ ਹਾਲਾਤਾਂ ਵਿੱਚ ਭਾਰਤ ਵਿੱਚ ਲਾਰਜ-ਕੈਪ ਸ਼ੇਅਰਾਂ ਦੀ ਕੀਮਤ ਮਿੱਡ ਅਤੇ ਸਮਾਲ ਕੈਪ ਦੀ ਤੁਲਨਾ ਵਿੱਚ ਆਕਰਸ਼ਕ ਹੋ ਗਈ ਹੈ, ਜੋ ਕਿ ਇੱਕ ਵਧੀਆ ਨਿਵੇਸ਼ ਮੌਕਾ ਪੇਸ਼ ਕਰਦਾ ਹੈ। ਮਿੱਡ ਅਤੇ ਸਮਾਲ ਕੈਪ ਵੱਲੋਂ ਮਹੱਤਵਪੂਰਨ ਵਧੀਆ ਪ੍ਰਦਰਸ਼ਨ ਦੀ ਗੱਲਬਾਤ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਉਸ ਸੈਗਮੈਂਟ ਵਿੱਚ ਮੁੱਲ-ਅਨੁਪਾਤ (ਵੈਲੂਏਸ਼ਨ) ਵਧ ਗਿਆ ਹੈ, ਜਦਕਿ ਲਾਰਜ-ਕੈਪ ਵਧੀਆ ਜੋਖਮ-ਅਨੁਪਾਤ ਰਿਟਰਨ ਅਤੇ ਸਥਿਰਤਾ ਪ੍ਰਦਾਨ ਕਰਦੇ ਹਨ। ਮਜ਼ਬੂਤ ਬੁਨਿਆਦੀ ਨਿਯਮਾਂ ਅਤੇ ਵਧੀਆ ਆਮਦਨ ਦ੍ਰਿਸ਼ਟਿਕੋਣ ਦੇ ਨਾਲ, ਲਾਰਜ-ਕੈਪ—ਜੋ ਕਿ ਮਾਰਕੀਟ ਕੈਪ ਦੇ ਅਨੁਸਾਰ ਸ਼ੀਰਸ਼ 100 ਕੰਪਨੀਆਂ ਹੁੰਦੀਆਂ ਹਨ—ਅਗਲੇ ਬਜ਼ਾਰ ਵਿਕਾਸ ਪੜਾਅ ਦੀ ਅਗਵਾਈ ਕਰਨ ਲਈ ਤਿਆਰ ਹਨ।

# ਅੰਤਰਰਾਸ਼ਟਰੀ ਮਹਿਲਾ ਦਿਵਸ ਤੇ ਵਿਸ਼ੇਸ਼

ਫਗਵਾੜਾ- (ਸੁਸ਼ੀਲ ਸ਼ਰਮਾ )

ਹਰ ਸਾਲ ਸੰਯੁਕਤ ਰਾਸ਼ਟਰ ਮਹਾਸਭਾ ਦੇ ਨਿਰਦੇਸ਼ ਅਨੁਸਾਰ 8 ਮਾਰਚ ਦਾ ਦਿਨ ਮਹਿਲਾ ਦਿਵਸ ਦੇ ਤੌਰ ਤੇ ਮਨਾਇਆ ਜਾਂਦਾ ਹੈ। ਔਰਤ ਹਮੇਸ਼ਾ ਹੀ ਸਮਾਜ ਵਿੱਚ ਸਿਰਜਣਾ, ਸ਼ਕਤੀ ,ਚੇਤਨਾ ਦਾ ਕੇਂਦਰ ਬਿੰਦੂ ਰਹੀ ਹੈ। ਮਹਿਲਾ ਦਿਵਸ ਮਨਾਉਣ ਪਿੱਛੇ ਮਨੋਰਥ ਇਹ ਹੈ ਕਿ ਸਮਾਜ ਵਿੱਚ ਔਰਤ ਦੀ ਸ਼ਕਤੀ ਦੀ ਪਹਿਚਾਣ ਕੀਤੀ ਜਾ ਸਕੇ ਅਤੇ ਔਰਤਾਂ ਪ੍ਰਤੀ ਹੁੰਦੇ ਦੁਰਵਿਵਹਾਰ ਬਾਰੇ ਸਮਾਜ ਨੂੰ ਚੇਤੰਨ ਕੀਤਾ ਜਾ ਸਕੇ। ਪੁਰਾਣੇ ਸਮੇਂ ਵਿੱਚ ਵੀ ਔਰਤ ਨੂੰ ਬੇਸ਼ੱਕ ਪੈਰ ਦੀ ਜੁੱਤੀ ਮੰਨਿਆ ਜਾਂਦਾ ਸੀ ਪਰ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਔਰਤ ਦੀ ਮਹਾਨਤਾ ਲਈ ਫਰਮਾਇਆ

ਸੋ ਕਿਉ ਮੰਦਾ ਆਖੀਐ
ਜਿਤੁ ਜੰਮਹਿ ਰਾਜਾਨ ॥

ਸਮੇਂ- ਸਮੇਂ ਤੇ ਔਰਤ ਤੇ ਹੁੰਦੇ ਜ਼ੁਲਮਾਂ ਵਿਰੁੱਧ ਸਮਾਜ ਸੁਧਾਰਕ ਲਹਿਰਾਂ ਵੀ ਚੱਲਦੀਆਂ ਰਹੀਆਂ । ਸਮਾਜ ਸੁਧਾਰਕਾਂ ਨੇ ਵੀ ਸਤੀ ਪ੍ਰਥਾ ,ਪਰਦਾ ਪ੍ਰਥਾ ,ਭਰੂਣ ਹੱਤਿਆ, ਬਾਲ ਵਿਆਹ ਦਾ ਵਿਰੋਧ ਕਰਕੇ ਸਮਾਜ ਸੁਧਾਰਕ ਲਹਿਰਾਂ ਔਰਤਾਂ ਦੇ ਹੱਕਾਂ ਦੀ ਰਾਖੀ ਲਈ ਚਲਾਈਆਂ।

ਹਰ ਸਮਾਜ ਵਿੱਚ ਔਰਤ ਦੇ ਭਿੰਨ- ਭਿੰਨ ਰੂਪਾਂ ਜਿਵੇਂ ਧੀ,ਭੈਣ, ਪਤਨੀ ,ਪ੍ਰੇਮਿਕਾ ਦਾ ਸਨਮਾਨ ਜਰੂਰੀ ਹੈ। ਸਮਾਜ ਵਿੱਚ ਔਰਤਾਂ ਨਾਲ ਹੁੰਦੇ ਗਲਤ ਵਰਤਾਓ ਵਿੱਚ ਵਿੱਚ ਦਾਮਨੀ, ਨਿਰਭੈਆ, ਮਨੀਪੁਰ , ਕਲਕੱਤਾ ਵਰਗੀਆਂ ਘਟਨਾਵਾਂ ਸਮਾਜ ਵਿੱਚ ਔਰਤਾਂ ਲਈ ਡਰ ਦਾ ਕਾਰਨ ਬਣਦੀਆਂ ਹਨ ਅਤੇ ਔਰਤ ਦੀ ਭਾਰਤ ਵਿੱਚ ਵਰਤਮਾਨ ਸਥਿਤੀ ਉੱਤੇ ਪ੍ਰਸ਼ਨ ਚਿੰਨ ਵੀ ਲਾਉਂਦੇ ਹਨ।

ਔਰਤ ਲਈ ਸਨਮਾਨ ਦਾ ਆਰੰਭ ਘਰ ਤੋਂ ਹੀ ਆਰੰਭ ਹੋਣਾ ਜਰੂਰੀ ਹੈ ਤਾਂ ਹੀ ਔਰਤਾਂ ਆਪਣੇ ਆਪ,ਪਰਿਵਾਰ ,ਸਮਾਜ ਅਤੇ ਦੇਸ਼ ਤੱਕ ਵਿਕਸਿਤ ਮਾਹੌਲ ਵਿੱਚ ਤਰੱਕੀ ਕਰ ਸਕਦੀਆਂ ਹਨ ਕਿਉਂਕਿ ਧੀ ਜੇ ਕੁੱਖ ਵਿੱਚ ਮਾਰਦੇ ਜਾਓਗੇ ??????

ਮਾਸੀ, ਭੂਆ, ਦਾ ਰਿਸ਼ਤਾ ਕਿੰਝ ਬਚਾਓਗੇ ????

ਭਾਰਤ ਸਰਕਾਰ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਤੇ ਨਾਰੀ ਸ਼ਕਤੀ ਪੁਰਸਕਾਰ ਰਾਸ਼ਟਰ ਪੱਧਰੀ ਸਮਾਗਮ ਵਿੱਚ ਦਿੰਦੀ ਹੈ।ਭਾਰਤ ਦੇ ਸੰਵਿਧਾਨ ਵਿੱਚ ਲਿੰਗ ਅਧਾਰਤ ਸਮਾਨਤਾ ਲਈ ਕਾਨੂੰਨ ਬਣਾਏ ਗਏ ਹਨ ।

.ਔਰਤ ਦੇ ਹਮੇਸ਼ਾ ਹੀ ਪਿਆਰ ,ਇੱਜ਼ਤ, ਮੁਹੱਬਤ ਪਰਿਵਾਰ ਲਈ ਕੁਰਬਾਨੀ ਕਰਦੀ ਆਈ ਹੈ।ਘਰ ਅਤੇ ਬਰਾਬਰ ਦੀਆਂ ਜਿੰਮੇਵਾਰੀਆਂ ਅੱਜ ਉਸਦੇ ਮੋਢਿਆਂ ਤੇ ਹਨ । ਇਸ ਲਈ ਉਸਨੂੰ ਵੀ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ । ਕੁੜੀਆਂ ਅਤੇ ਔਰਤ ਨੂੰ ਵੀ ਆਰਥਿਕ ਆਤਮ ਨਿਰਭਰਤਾ ਲਈ ਵਿਦਿਆ ਅਤੇ ਕੰਮ ਦੀ ਸਿਖਲਾਈ ਲੈਣੀ ਜਰੂਰੀ ਹੈ।ਮਹਿਲਾ ਦਿਵਸ ਮਨਾਉਣ ਦਾ ਮਕਸਦ ਤਾਂ ਵੀ ਪੂਰਾ ਹੋਵੇਗਾ ਜੇਕਰ ਔਰਤ ਨੂੰ ਸਮਾਜ ਵਿੱਚ ਸੁਰੱਖਿਅਤ ਸਮਾਜ ਦਿੱਤਾ ਜਾਵੇ ਅਤੇ ਉਸਨੂੰ ਵੀ ਤਰੱਕੀ ਦੇ ਬਰਾਬਰ ਮੌਕੇ ਮਿਲਣਅਤੇ ਸਮੁੱਚੇ ਦੇਸ਼ ਦਾ ਇਹ ਵੀ ਐਲਾਨ ਹੋਵੇ , ਔਰਤ ਦੀ ਤਰੱਕੀ ਵਿੱਚ ਦੇਸ਼ ਦੀ ਤਰੱਕੀ·

ਤਾਂ ਹੀ ਹਰ ਸਮਾਜ ਆਪਣੀਆਂ ਬੁਲੰਦੀਆਂ ਤੇ ਪਹੁੰਚੇਗਾ ।

ਸਾਰਿਆਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਤੇ ਬਹੁਤ ਬਹੁਤ ਵਧਾਈ



ਸ਼੍ਰੀਮਤੀ ਦਲਜੀਤ ਕੌਰ
ਪੰਜਾਬੀ ਲੈਕਚਰਾਰ
ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ
ਬੰਗਾ ਰੋਡ ਫਗਵਾੜਾ ਜ਼ਿਲ੍ਹਾ ਕਪੂਰਥਲਾ

# ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਮੰਡੀ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਸਕੱਤਰ ਮਾਰਕਿਟ ਕਮੇਟੀ ਨੂੰ ਦਿੱਤਾ ਮੰਗ ਪੱਤਰ



ਅਬੋਹਰ,(ਲੋਕ ਬਾਣੀ) : ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਆਉਣ ਵਾਲੇ ਹਾੜੀ ਦੇ ਸੀਜ਼ਨ ਦੌਰਾਨ ਅਨਾਜ ਮੰਡੀ ਦੀਆਂ ਸਮੱਸਿਆਵਾਂ ਸਬੰਧੀ ਮਾਰਕੀਟ ਕਮੇਟੀ ਅਬੋਹਰ ਦੇ ਸਕੱਤਰ ਬਲਜਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਇੱਕ ਮੰਗ ਪੱਤਰ ਦਿੱਤਾ।

ਕਿਸਾਨ ਯੂਨੀਅਨ ਨੇ ਆਪਣੀ ਮੰਗ ਵਿੱਚ ਮੰਡੀ ਵਿੱਚ ਜਿੰਨੇ ਵੀ ਨਾਜਾਇਜ ਗੇਟ ਹਨ ਉਨ੍ਹਾਂ ਨੂੰ ਤੁਰੰਤ ਬੰਦ ਕਰਵਾਉਣ, ਗੁਜਰਾਂ ਦੀਆਂ ਗਾਵਾਂ ਜੋ ਅਕਸਰ ਮੰਡੀ ਰਾਹੀਂ ਲੰਘਦੀਆਂ ਹਨ ਉਨ੍ਹਾਂ ਨੂੰ ਰੋਕਣ ਅਤੇ ਮੰਡੀ ਦੇ ਗੇਟਾਂ ਤੇ ਚੌਕੀਦਾਰ ਮੁਹੱਈਆ ਕਰਵਾਉਣ ਦੀ ਮੰਗ ਰੱਖੀ। ਉਨ੍ਹਾਂ ਕਿਹਾ ਕਿ ਚੌਕੀਦਾਰਾਂ ਦੀ ਮੌਜੂਦਗੀ ਨਾਲ ਮੰਡੀ ਵਿੱਚ ਹੋਣ ਵਾਲੀਆਂ ਚੋਰੀਆਂ ਨੂੰ ਰੋਕਿਆ ਜਾ ਸਕੇਗਾ। ਇਸ ਤੋਂ ਇਲਾਵਾ ਮੰਡੀ ਵਿੱਚ ਬਿਜਲੀ, ਪਾਣੀ, ਲਾਈਟਾਂ, ਤਰਪੈਲਾ, ਅਤੇ ਬਾਥਰੂਮਾਂ ਦੀ ਸਫਾਈ ਸੰਬੰਧੀ ਸੂਲਤਾਂ ਵਧਾਉਣ ਦੀ ਜ਼ਰੂਰਤ ਤੇ ਵੀ ਜੋਰ ਦਿੱਤਾ। ਕਿਸਾਨ ਆਗੂਆਂ ਨੇ ਕਿਹਾ ਕਿ ਮੰਡੀ ਦੇ ਸ਼ੇਡਾਂ ਹੇਠਾਂ ਬੇਵਜ਼ਾ ਖੜ੍ਹੇ ਰਹਿਣ ਵਾਲੇ ਟਰੱਕ, ਕਿਸਾਨਾਂ ਦੀ ਫਸਲ ਵੇਚਣ ਦੀ ਪ੍ਰਕਿਰਿਆ ਨੂੰ ਪਰੇਸ਼ਾਨ ਕਰਦੇ ਹਨ, ਜੋ ਬਹੁਤ ਵੱਡੀ ਮੁਸ਼ਕਲ ਬਣ ਚੁੱਕੀ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਲੱਕੜ ਮੰਡੀ ਨੂੰ ਮੁੱਖ ਅਨਾਜ ਮੰਡੀ ਤੋਂ ਵੱਖਰੀ ਥਾਂ ਤੇ ਤਬਦੀਲ ਕਰਨ ਦੀ ਮੰਗ ਵੀ ਰੱਖੀ। ਉਨ੍ਹਾਂ ਕਿਹਾ ਕਿ ਲੱਕੜ ਮੰਡੀ ਦੇ ਹੋਣ ਕਾਰਨ ਸੀਜ਼ਨ ਦੌਰਾਨ ਮੁੱਖ ਮੰਡੀ ਵਿੱਚ ਭਾਰੀ ਭੀੜ ਹੋ ਜਾਂਦੀ ਹੈ, ਜੋ ਫਸਲ ਦੀ ਆਸਾਨ ਅਤੇ ਸਮੇਂ-ਸਿਰ ਵਿਕਰੀ ਚ ਰੁਕਾਵਟ ਪੈਦਾ ਕਰਦੀ ਹੈ।

ਸਕੱਤਰ ਮਾਰਕਿਟ ਕਮੇਟੀ ਬਲਜਿੰਦਰ ਸਿੰਘ ਨੇ ਕਿਸਾਨ ਆਗੂਆਂ ਨੂੰ ਯਕੀਨ ਦਵਾਇਆ ਕਿ ਹਾੜੀ ਦੇ ਸੀਜ਼ਨ ਤੋਂ ਪਹਿਲਾਂ ਮੰਡੀਆਂ ਵਿੱਚ ਪ੍ਰਬੰਧ ਮੁਕੰਮਲ ਕਰ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀਆਂ ਹਦਾਇਤਾਂ ਅਨੁਸਾਰ ਮੁੱਖ ਅਨਾਜ ਮੰਡੀ ਅਬੋਹਰ ਵਿੱਚ ਸਾਫ-ਸਫਾਈ ਪਹਿਲਾਂ ਹੀ ਜਾਰੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮਾਰਕਿਟ ਕਮੇਟੀ ਦੇ ਕਰਮਚਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਮੰਡੀ ਦੀ ਸਾਫ-ਸਫਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਵੀ ਥਾਂ ਤੇ ਕੂੜਾ ਨਾ ਹੋਣ ਦਿੱਤਾ ਜਾਵੇ। ਇਸ ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਆਪਣੀਆਂ ਹੋਰ ਮੁਸ਼ਕਲਾਂ ਨੂੰ ਵੀ ਦੱਸਿਆ, ਜਿਸ ਤੇ ਸਕੱਤਰ ਬਲਜਿੰਦਰ ਸਿੰਘ ਨੇ ਜਲਦੀ ਹੱਲ ਕਰਵਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਭੁਪਿੰਦਰ ਸਿੰਘ ਕਿੱਕਰ ਖੇੜਾ ਜਿਲ੍ਹਾ ਪ੍ਰਧਾਨ(ਫਾਜਿਲਕਾ), ਸਿਮਰਜੀਤ ਸਿੰਘ ਜਿਲ੍ਹਾ ਜਨਰਲ ਸਕੱਤਰ, ਗੁਰਟੇਕ ਸਿੰਘ ਬਲਾਕ ਪ੍ਰਧਾਨ, ਲੱਖਵਿੰਦਰ ਸਿੰਘ ਪ੍ਰੈਸ ਸਕੱਤਰ, ਅਮਰੀਕ ਸਿੰਘ ਜਿਲ੍ਹਾ ਮੀਤ ਸਕੱਤਰ, ਮਹਿੰਦਰ ਰਾਮਸਰਾ ਬਲਾਕ ਪ੍ਰਧਾਨ, ਰਮਨਪ੍ਰੀਤ ਸਿੰਘ ਬਲਾਕ ਮੀਤ ਪ੍ਰਧਾਨ ਆਦਿ ਕਿਸਾਨ ਆਗੂ ਮੌਜੂਦ ਸਨ।

# ਨਿਸਾਨ ਮੈਗਨਾਈਟ ਨੇ 50,000 ਯੂਨਿਟਾ ਨਿਰਯਾਤ ਦਾ ਮੀਲ ਪੱਥਰ ਪਾਰ ਕੀਤਾ




ਚੰਡੀਗੜ੍ਹ: (ਲੋਕ ਬਾਣੀ) ਵਾਤਾਵਰਣ-ਅਨੁਕੂਲ ਆਵਾਜਾਈ ਨੂੰ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਦੇ ਹਿੱਸੇ ਵਜੋਂ, ਨਿਸਾਨ ਨੇ ਅੱਜ ਐਲਾਨ ਕੀਤਾ ਕਿ ਨਵਾਂ ਨਿਸਾਨ ਮੈਗਨਾਈਟ 2♣10 ਨੈਚੁਰਲੀ ਐਸਪੀਰੇਟਿਡ ਇੰਜਣ ਹੁਣ ਪੂਰੀ ਤਰ੍ਹਾਂ 520 ਅਨੁਕੂਲ ਹੈ।

ਇਸਦੇ ਨਾਲ, ਇਹ ਵਧੇਰੇ ਸ਼ਕਤੀਸ਼ਾਲੀ 1.0 ਲੀਟਰ 8♣10 ਟਰਬੋਚਾਰਜਡ ਪੈਟਰੋਲ ਇੰਜਣ ਦੇ ਬਰਾਬਰ ਆਉਂਦਾ ਹੈ, ਜਿਸ ਨੂੰ ਅਗਸਤ 2024 ਵਿੱਚ 520 ਅਨੁਕੂਲ ਬਣਾਇਆ ਗਿਆ ਸੀ। ਇਸ ਪ੍ਰਾਪਤੀ ਦੇ ਨਾਲ, ਨਵੇਂ ਨਿਸਾਨ ਮੈਗਨਾਈਟ ਦੇ ਸਾਰੇ ਪਾਵਰਟ੍ਰੇਨ ਵਿਕਲਪ ਹੁਣ 520 ਅਨੁਕੂਲ ਬਣ ਗਏ ਹਨ।

ਨਿਸਾਨ ਮੋਟਰ ਇੰਡੀਆ ਨੇ ਆਪਣੇ ਲਾਂਚ ਤੋਂ ਬਾਅਦ ਮੈਗਨਾਈਟ ਦੀਆਂ 50,000 ਯੂਨਿਟਾਂ ਦੀ ਨਿਰਯਾਤ ਦਾ ਇੱਕ ਮਹੱਤਵਪੂਰਨ ਮੀਲ ਪੱਥਰ ਵੀ ਪਾਰ ਕੀਤਾ ਹੈ।

ਨਵੀਂ ਨਿਸਾਨ ਮੈਗਨਾਈਟ ਨੇ ਭਾਰਤ ਨੂੰ ਕੰਪਨੀ ਲਈ ਇੱਕ ਪ੍ਰਮੁੱਖ ਨਿਰਯਾਤ ਹੱਬ ਵਜੋਂ ਸਥਾਪਤ ਕਰਨ ਲਈ ਕੰਪਨੀ ਦੀ ਹਾਲੀਆ ਰਣਨੀਤਕ ਘੋਸ਼ਣਾ ਦੇ ਅਨੁਸਾਰ ਲਾਂਚ ਕੀਤੇ ਜਾਣ ਤੋਂ ਬਾਅਦ ਘਰੇਲੂ ਅਤੇ ਨਿਰਯਾਤ ਬਾਜ਼ਾਰਾਂ ਵਿੱਚ ਆਪਣੀ ਥੋਕ ਵਿਕਰੀ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਹੈ।ਐਲਐਚਡੀ ਸੰਸਕਰਣ ਦੀ ਸ਼ੁਰੂਆਤ ਨੇ ਜਨਵਰੀ 2025 ਵਿੱਚ ਪਹਿਲੀ ਡਿਸਪੈਚ ਦੇ ਨਾਲ ਇਸ ਦਿਸ਼ਾ ਵਿੱਚ ਇੱਕ ਵੱਡਾ ਯੋਗਦਾਨ ਪਾਇਆ ਹੈ।

ਫਰਵਰੀ 2025 ਵਿੱਚ, ਨਿਸਾਨ ਨੇ ਕੁੱਲ 8567 ਯੂਨਿਟਾਂ ਦੀ ਥੋਕ ਵਿਕਰੀ ਕੀਤੀ, ਜਿਸ ਵਿੱਚ ਵਧੇ ਹੋਏ ਨਿਰਯਾਤ ਅੰਕੜਿਆਂ ਨੇ ਮਹੱਤਵਪੂਰਨ ਯੋਗਦਾਨ ਪਾਇਆ। ਘਰੇਲੂ ਬਜ਼ਾਰ ਵਿੱਚ 2328 ਯੂਨਿਟ ਅਤੇ ਨਿਰਯਾਤ ਬਾਜ਼ਾਰ ਵਿੱਚ 6239 ਯੂਨਿਟ ਵੇਚੇ ਗਏ।

ਫਰਵਰੀ 2024 ਚ 3163 ਦੇ ਮੁਕਾਬਲੇ ਇਸ ਸਾਲ ਬਰਾਮਦ ਚ 97 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ।

ਨਿਸਾਨ ਮੋਟਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਸੌਰਭ ਵਤਸ ਨੇ ਕਿਹਾ, ਨਵਾਂ ਨਿਸਾਨ ਮੈਗਨਾਈਟ 520 ਅਨੁਕੂਲ ਹੋਣਾ ਵਾਤਾਵਰਣ ਦੇ ਮਾਪਦੰਡਾਂ ਨੂੰ ਬਦਲਦੇ ਹੋਏ ਭਵਿੱਖ ਲਈ ਤਿਆਰ ਗਤੀਸ਼ੀਲਤਾ ਹੱਲ ਪ੍ਰਦਾਨ ਕਰਨ ਪ੍ਰਤੀ ਸਾਡੇ ਸਮਰਪਣ ਨੂੰ ਦਰਸਾਉਂਦਾ ਹੈ।ਅਸੀਂ ਭਾਰਤ ਵਿੱਚ ਆਪਣੇ ਸੰਚਾਲਨ ਲਈ ਵਚਨਬੱਧ ਹਾਂ ਅਤੇ ਨਵੇਂ ਨਿਸਾਨ ਮੈਗਨਾਈਟ ਦਾ ਵਿਕਾਸ ਇਸ ਸਮਰਪਣ ਦਾ ਪ੍ਰਮਾਣ ਹੈ।

# ਬਿਜਲੀ ਦੀ ਜਰੂਰੀ ਮੇਨਟੀਨੈਂਸ ਕਾਰਣ ਬਿਜਲੀ ਸਪਲਾਈ ਸਵੇਰੇ 9.00 ਤੋਂ 2.00 ਵਜੇ ਤੱਕ ਬੰਦ ਰਹੇਗੀ



ਫਗਵਾੜਾ (ਸੁਸ਼ੀਲ ਸ਼ਰਮਾ) ਪੀ ਐਸ ਪੀ ਸੀ ਐਲ ਸਹਾਇਕ ਕਾਰਜਕਾਰੀ ਇੰਜੀਨੀਅਰ

ਟੀ-2 ਸਬ ਅਰਬਨ ਉਪ ਮੰਡਲ ਫਗਵਾੜਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮਿਤੀ 03/03/2025 ਦਿਨ ਸੋਮਵਾਰ ਨੂੰ 66 ਕੇ ਵੀ ਹੁਸ਼ਿਆਰਪੁਰ ਰੋਡ ਵਿਖੇ ਸ਼ਟ ਡਾਉਨ ਦੌਰਾਨ ਜਰੂਰੀ ਮੇਨਟੀਨੈਂਸ ਕਰਨ ਲਈ ਹੇਠ ਲਿਖੇ ਏਰੀਏ ਦੀ ਬਿਜਲੀ ਸਪਲਾਈ ਸਮਾਂ ਸਵੇਰੇ 09:00 ਵਜੇ ਤੋਂ ਸ਼ਾਮ 16:00 ਵਜੇ ਤੱਕ ਬੰਦ ਰਹੇਗੀ

11 ਕੇ ਵੀ ਪੇਂਡੂ ਸ਼ਹਿਰੀ ਨੰ:1 ਅਤੇ 11 ਕੇ ਵੀ ਪੇਂਡੂ ਸ਼ਹਿਰੀ ਨੰ:2, 11 ਕੇ ਵੀ ਲਿੰਕ ਫੀਡਰ, 11 ਕੇ ਵੀ ਖਲਵਾੜਾ ਫੀਡਰ, 11 ਕੇ ਵੀ ਬਾਬਾ ਗਧੀਆ ਫੀਡਰ, 11 ਕੇ ਵੀ ਹੁਸ਼ਿਆਰਪੁਰ ਰੋਡ ਫੀਡਰ, 11ਕੇ ਵੀ ਅਸ਼ੋਕ ਵਿਹਾਰ ਫੀਡਰ, 11 ਕੇ.ਵੀ. ਫਤਿਹਗੜ, 11 ਕੇ ਵੀ ਸਿਵਲ ਹਸਪਤਾਲ ਫੀਡਰ, ਇਹਨਾਂ ਸਬ ਸਟੇਸ਼ਨਾਂ ਤੋਂ ਚੱਲਦੇ ਸਾਰੇ ਏ ਪੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ ਬਿਜਲੀ ਸਪਲਾਈ ਬੰਦ ਰਹਿਣ ਕਾਰਣ ਪ੍ਰਭਾਵਿਤ ਏਰੀਆ ਚ ਮੁਹੱਲਾ, ਚਾਹਲ ਨਗਰ, ਸੰਤੋਖਪੁਰਾ, ਦਸਮੇਸ਼ ਨਗਰ, ਸ਼ਾਂਮ ਇਨਕਲੇਵ, ਨੇੜੇ ਜੀਟੀ ਰੋਡ, ਮੁਹੱਲਾ ਧਰਮਕੋਟ, ਪਲਾਹੀ ਰੋਡ, ਬਾਬਾ ਗਧੀਆ, ਪਿੰਡ ਭੁੱਲਾਰਾਈ, ਹਾਜੀਪੁਰ, ਚੱਕ ਹਕੀਮ, ਖੰਗੂੜਾ, ਪਲਾਹੀ,ਵਜੀਦੋਵਾਲ, ਖਲਵਾੜਾ, ਪੰਡੋਰੀ, ਖਾਟੀ, ਖੁਰਮਪੁਰ, ਚੱਕ ਪ੍ਰੇਮਾ, ਲੱਖਪੁਰ ਸੰਗਤਪੁਰ,ਨਵਾਂ ਪਿੰਡ ਆਦਿ ਪ੍ਰਮੁੱਖ ਹਨ

# ਇੰਡਸਟਰੀ ਦੀ ਸਹੂਲਤ ਲਈ ਉਦਯੋਗਿਕ ਇਲਾਕਿਆਂ ’ਚ ਕਰਵਾਏ ਜਾਣਗੇ 4.45 ਕਰੋੜ ਰੁਪਏ ਦੇ ਵਿਕਾਸ ਕਾਰਜ : ਡਿਪਟੀ ਕਮਿਸ਼ਨਰ

ਜਲੰਧਰ, (ਲੋਕ ਬਾਣੀ): ਉਦਯੋਗਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਸਨਅਤਾਂ ਦੀ ਸਹੂਲਤ ਲਈ ਜ਼ਿਲ੍ਹੇ ਦੇ ਉਦਯੋਗਿਕ ਇਲਾਕਿਆਂ ਵਿੱਚ 4.45 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾਣਗੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਵਿੱਚੋਂ 2.44 ਕਰੋੜ ਰੁਪਏ ਦੇ ਵਿਕਾਸ ਕਾਰਜ ਫੋਕਲ ਪੁਆਇੰਟ ਓਲਡ ਅਤੇ ਫੋਕਲ ਪੁਆਇੰਟ ਐਕਸਟੈਂਸ਼ਨ ਵਿੱਚ ਜਦਕਿ 2.01 ਕਰੋੜ ਰੁਪਏ ਦੇ ਕੰਮ ਲੈਦਰ ਕੰਪਲੈਕਸ ਅਤੇ ਸਰਜੀਕਲ ਕੰਪਲੈਕਸ ਵਿਖੇ ਨਗਰ ਨਿਗਮ ਜਲੰਧਰ ਵੱਲੋਂ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਕਾਸ ਕਾਰਜਾਂ ਵਿੱਚ ਨਵੇਂ ਮੈਨਹੋਲ, ਚੈਂਬਰ, ਆਰਜੀ ਸੀਵਰੇਜ ਡਿਸਪੋਜ਼ਲ ਤੇ ਟਿਊਬਵੈੱਲ, ਜਲ ਸਪਲਾਈ ਤੇ ਸੀਵਰੇਜ ਸਿਸਟਮ ਦੀ ਮੁਰੰਮਤ ਤੇ ਰੱਖ-ਰਖਾਅ, ਜ਼ੋਨਲ ਦਫ਼ਤਰਾਂ ਦਾ ਨਿਰਮਾਣ, ਨਵੀਆਂ ਸਟ੍ਰੀਟ ਲਾਈਟਾਂ, ਜਨਰੇਟਰ ਸੈੱਟਾਂ ਦੀ ਖ਼ਰੀਦ, ਸਰਜੀਕਲ ਕੰਪਲੈਕਸ ਵਿਖੇ ਸਟ੍ਰੌਮ ਸੀਵਰੇਜ ਸਿਸਟਮ ਦਾ ਨਿਰਮਾਣ ਆਦਿ ਸ਼ਾਮਲ ਹਨ।

ਡਾ. ਅਗਰਵਾਲ ਨੇ ਵਿਕਾਸ ਕਾਰਜ ਸਮੇਂ ਸਿਰ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਅਧਿਕਾਰੀ ਵਿਕਾਸ ਕਾਰਜਾਂ ਦੀ ਵਿਅਕਤੀਗਤ ਤੌਰ □’ਤੇ ਨਿਗਰਾਨੀ ਯਕੀਨੀ ਬਣਾਉਣ ਤਾਂ ਜੋ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾ ਸਕੇ। ਕੰਮਾਂ ਦੀ ਗੁਣਵੱਤਾ ’ਤੇ ਜ਼ੋਰ ਦਿੰਦਿਆਂ ਉਨ੍ਹਾਂ ਸਪਸ਼ਟ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਉਦਯੋਗਾਂ ਨੂੰ ਸੁਖਾਵਾਂ ਮਾਹੌਲ ਅਤੇ ਸਹੂਲਤਾਂ ਦੇਣ ਲਈ ਵਚਨਬੱਧ ਹੈ, ਜਿਸ ਤਹਿਤ ਉਦਯੋਗ ਅਤੇ ਵਪਾਰ ਵਿਕਾਸ ਨੀਤੀ ਤਹਿਤ ਰਾਜ ਸਰਕਾਰ ਵੱਲੋਂ ਯੋਗ ਫਰਮਾਂ ਲਈ 3.79 ਕਰੋੜ ਰੁਪਏ ਦੇ ਪੰਜ ਇੰਸੈਂਟਿਵ ਕੇਸ ਪਹਿਲਾਂ ਹੀ ਮਨਜ਼ੂਰ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਦਯੋਗਾਂ ਦੇ ਨੁਮਾਇੰਦਿਆਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੀ ਤੀਜੀ ਮੰਜ਼ਿਲ ਸਥਿਤ ਡੀ.ਬੀ.ਈ.ਈ. ਵਿਖੇ ਸਿੰਗਲ ਵਿੰਡੋ ਨੇ ਅੱਜ ਤੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਥੇ ਉਦਯੋਗਾਂ ਦੇ ਮੁੱਦਿਆਂ ਦਾ ਨਿਪਟਾਰਾ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਰ ਮੰਗਲਵਾਰ ਮੌਜੂਦ ਰਹਿਣਗੇ। ਉਨ੍ਹਾਂ ਦੱਸਿਆ ਕਿ ਸਨਅਤਕਾਰਾਂ ਦੀ ਸਹੂਲਤ ਲਈ ਜਲਦ ਹੀ ਹੈਲਪਲਾਈਨ ਨੰਬਰ ਵੀ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦੇ ਲਈ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਦਯੋਗਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL 64 YEARS EXCELLENCE SINCE 1958
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565